ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

https://youtu.be/LQwolgxDu7l

awazeqaumtvpunjab@gmail.com

ਬੁੱਧਵਾਰ, 5 ਫਰਵਰੀ 2025 (ਨਾਨਕਸ਼ਾਹੀ ਸੰਮਤ : ੫੫੬, ੨੩ ਮਾਘ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

## ਅਮਰੀਕਾ ਤੋਂ ਕੱਢੇ ਗਏ
# 205 ਭਾਰਤੀਆਂ ਦਾ ਜਹਾਜ਼ ਪਹੁੰਚਿਆ ਅੰਮ੍ਰਿਤਸਰ

**ਅੰਮ੍ਰਿਤਸਰ, 4 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ ਗੈਰ-ਕਾਨੂੰਨੀ ਪ੍ਰਵਾਸੀਆਂ ਨੂੰ ਦੇਸ਼ ਨਿਕਾਲਾ ਦੇ ਰਿਹਾ ਹੈ। ਅੱਜ ਅਮਰੀਕੀ ਫੌਜੀ ਜਹਾਜ਼ ਸੀ-17 ਸੈਨ ਐਂਟੋਨੀਓ ਤੋਂ ਅੰਮ੍ਰਿਤਸਰ ਲਈ ਰਵਾਨਾ ਹੋਇਆ ਹੈ। ਇਹ ਜਹਾਜ਼ ਬੁੱਧਵਾਰ ਸਵੇਰੇ ਅੰਮ੍ਰਿਤਸਰ ਹਵਾਈ ਅੱਡੇ 'ਤੇ ਉਤਰਿਆ। ਇਹ ਉਡਾਣ ਬੁੱਧਵਾਰ ਸਵੇਰੇ 9 ਵਜੇ ਦੇ ਕਰੀਬ ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਲੈਂਡ ਹੋਣ ਦੀ ਸੰਭਾਵਨਾ ਹੈ। ਇਸ ਤੋਂ ਬਾਅਦ ਇਨ੍ਹਾਂ ਭਾਰਤੀਆਂ ਨੂੰ ਉਨ੍ਹਾਂ ਦੇ ਘਰ ਭੇਜ ਦਿੱਤਾ ਜਾਵੇਗਾ।



ਇੱਕ ਸੀਨੀਅਰ ਅਧਿਕਾਰੀ ਨੇ ਆਪਣਾ ਨਾਮ ਗੁਪਤ ਰੱਖਣ ਦੀ ਬੇਨਤੀ ਕਰਦਿਆਂ ਹੋਇਆਂ ਕਿਹਾ ਕਿ ਇਨ੍ਹਾਂ 205 ਡਿਪੋਰਟ ਕੀਤੇ ਗਏ ਭਾਰਤੀਆਂ ਨੂੰ ਹਿਰਾਸਤ ਵਿੱਚ ਲੈਣ ਦਾ ਕੋਈ ਹੁਕਮ ਨਹੀਂ ਮਿਲਿਆ ਹੈ। ਪਰ ਉਨ੍ਹਾਂ ਦੇ ਦਸਤਾਵੇਜ਼ ਇੱਥੇ ਚੈੱਕ ਕੀਤੇ ਜਾਣਗੇ, ਜਿਸ ਵਿੱਚ ਪੂਰਾ ਦਿਨ ਲੱਗ ਸਕਦਾ ਹੈ। ਇਨ੍ਹਾਂ ਡਿਪੋਰਟ ਕੀਤੇ ਗਏ ਭਾਰਤੀਆਂ ਦੇ ਅਪਰਾਧਿਕ ਰਿਕਾਰਡ ਦੀ ਵਿਸ਼ੇਸ਼ ਤੌਰ 'ਤੇ ਜਾਂਚ ਕੀਤੀ ਜਾਵੇਗੀ, ਤਾਂ ਜੋ ਹਵਾਈ ਅੱਡੇ ਤੋਂ ਨਿਕਲਣ ਤੋਂ ਪਹਿਲਾਂ ਉਨ੍ਹਾਂ ਨੂੰ ਗ੍ਰਿਫ਼ਤਾਰ ਕੀਤਾ ਜਾ ਸਕੇ। ਅੰਦਾਜ਼ਾ ਲਗਾਇਆ ਗਿਆ ਹੈ ਕਿ ਇਨ੍ਹਾਂ ਭਾਰਤੀਆਂ ਵਿੱਚੋਂ ਕੁਝ ਅਜਿਹੇ ਵੀ ਹੋ ਸਕਦੇ ਹਨ ਜਿਨ੍ਹਾਂ ਨੇ ਭਾਰਤ ਵਿੱਚ ਅਪਰਾਧ ਕੀਤੇ ਹੋਣਗੇ ਅਤੇ ਅਮਰੀਕਾ ਭੱਜ ਗਏ ਹੋਣਗੇ। ਅਮਰੀਕੀ ਵ੍ਹਾਈਟ ਹਾਊਸ ਦੀ ਪ੍ਰੈਸ ਸਕੱਤਰ ਕੈਰੋਲਿਨ ਲੇਵਿਟ ਨੇ ਕਿਹਾ ਕਿ ਇਸ ਕਾਰਵਾਈ ਵਿੱਚ 538 ਗੈਰ-ਕਾਨੂੰਨੀ ਪ੍ਰਵਾਸੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ, ਜਿਨ੍ਹਾਂ ਵਿੱਚ ਇੱਕ ਸ਼ੱਕੀ ਅੱਤਵਾਦੀ, ਟ੍ਰੇਨ ਡੀ ਅਰਾਗੁਆ ਗੈਂਗ ਦੇ ਚਾਰ ਮੈਂਬਰ ਅਤੇ ਨਾਬਾਲਗਾਂ ਵਿਰੁੱਧ ਜਿਨਸੀ ਅਪਰਾਧਾਂ ਦੇ ਦੋਸ਼ੀ ਕਈ ਅਪਰਾਧੀ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਇਹ ਦੇਸ਼ ਨਿਕਾਲੇ ਦੀ ਮੁਹਿੰਮ ਸਫਲਤਾਪੂਰਵਕ ਚੱਲ ਰਹੀ ਹੈ। ਪ੍ਰਸ਼ਾਸਨ ਆਪਣੇ ਵਾਅਦੇ ਪੂਰੇ ਕਰ ਰਿਹਾ ਹੈ। ਹਾਲਾਂਕਿ, ਭਾਰਤ ਤੋਂ 205 ਗੈਰ-ਕਾਨੂੰਨੀ ਪ੍ਰਵਾਸੀਆਂ ਨੂੰ ਲੈ ਕੇ ਸੈਨ ਐਂਟੋਨੀਓ ਤੋਂ ਪੰਜਾਬ ਦੇ ਅੰਮ੍ਰਿਤਸਰ ਹਵਾਈ ਅੱਡੇ ਲਈ ਅਮਰੀਕੀ ਫੌਜੀ ਸੀ-17 ਜਹਾਜ਼ ਦੇ ਰਵਾਨਾ ਹੋਣ ਬਾਰੇ ਕੋਈ ਖਾਸ ਜਾਣਕਾਰੀ ਉਪਲਬਧ ਨਹੀਂ ਹੈ। ਅਮਰੀਕੀ ਦੂਤਾਵਾਸ ਦੇ ਬੁਲਾਰੇ ਨੇ ਕਿਹਾ ਕਿ ਉਹ ਅਜਿਹੀਆਂ ਉਡਾਣਾਂ ਬਾਰੇ ਵੇਰਵੇ ਸਾਂਝੇ ਨਹੀਂ ਕਰ ਸਕਦੇ।




## ਪੰਜਾਬੀ ਸਿੰਗਰ ਪ੍ਰੇਮ ਢਿੱਲੋਂ ਦੇ ਘਰ ਦੇ ਬਾਹਰ ਹੋਈ ਗੋਲੀਬਾਰੀ, ਗੈਂਗਸਟਰ ਜੰਟਾ ਨੇ ਲਈ ਜ਼ਿੰਮੇਵਾਰੀ

**ਚੰਡੀਗੜ੍ਹ, 4 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਮਸ਼ਹੂਰ ਗਾਇਕ ਪ੍ਰੇਮ ਢਿੱਲੋਂ ਦੇ ਘਰ ਦੇ ਬਾਹਰ ਗੋਲੀਬਾਰੀ ਹੋਣ ਦੀ ਖ਼ਬਰ ਸਾਹਮਣੇ ਆਈ ਹੈ। ਮਿਲੀ ਜਾਣਕਾਰੀ ਮੁਤਾਬਿਕ ਕੈਨੇਡਾ ਦੇ ਬਰੈਂਪਟਨ 'ਚ ਸਥਿਤ ਘਰ ਦੇ ਬਾਹਰ ਗੋਲੀਬਾਰੀ ਹੋਈ ਹੈ। ਜਿਸਦੀ ਜ਼ਿੰਮੇਵਾਰੀ ਮਸ਼ਹੂਰ ਗੈਂਗਸਟਰ ਗੁਰਜੰਟ ਜੰਟਾ ਨੇ ਲਈ ਹੈ।




ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਵੀ ਗਾਇਕ ਪ੍ਰੇਮ ਢਿੱਲੋਂ 'ਤੇ ਜਾਨਲੇਵਾ ਹਮਲਾ ਹੋਇਆ ਸੀ। ਦਰਅਸਲ, ਸੋਸ਼ਲ ਮੀਡੀਆ 'ਤੇ ਇੱਕ ਵੀਡੀਓ ਕਾਫੀ ਵਾਇਰਲ ਹੋਈ ਸੀ, ਜਿਸ 'ਚ ਲਾਈਵ ਸ਼ੋਅ ਦੌਰਾਨ ਪ੍ਰੇਮ ਢਿੱਲੋਂ 'ਤੇ ਇੱਕ ਵਿਅਕਤੀ ਹਮਲਾ ਕਰਦੇ ਦੇਖਿਆ ਗਿਆ ਸੀ।

## ਪੰਜਾਬ ਕਾਂਗਰਸ ਦੇ ਸੀਨੀਅਰ ਆਗੂ ਕੁਲਬੀਰ ਸਿੰਘ ਜ਼ੀਰਾ 'ਤੇ ਅੰਨ੍ਹੇਵਾਹ ਚਲਾਈਆਂ ਗੋਲੀਆਂ

**ਫਿਰੋਜ਼ਪੁਰ, 4 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਜ਼ੀਰਾ ਹਲਕੇ ਤੋਂ ਕਾਂਗਰਸ ਦੇ ਸਾਬਕਾ ਵਿਧਾਇਕ ਅਤੇ ਜ਼ਿਲ੍ਹਾ ਪ੍ਰਧਾਨ ਕੁਲਬੀਰ ਜ਼ੀਰਾ 'ਤੇ ਕਾਤਲਾਨਾ ਹਮਲਾ ਹੋਣ ਦੀ ਖ਼ਬਰ ਸਾਹਮਣੇ ਆਈ ਹੈ। ਹਮਲਾਵਰਾਂ ਨੇ ਕੁਲਬੀਰ ਜ਼ੀਰਾ ਦੀ ਕਾਰ 'ਤੇ ਕਰੀਬ 6 ਰਾਊਂਡ ਫਾਇਰ ਕੀਤੇ ਹਨ। ਮਿਲੀ ਜਾਣਕਾਰੀ ਮੁਤਾਬਕ ਇਹ ਹਮਲਾ ਉਦੋਂ ਹੋਇਆ, ਜਦੋਂ ਬੀਤੀ ਰਾਤ ਕੁਲਬੀਰ ਸਿੰਘ ਜ਼ੀਰਾ ਆਪਣੀ ਕਾਰ ਵਿਚ ਸਵਾਰ ਹੋ ਕੇ ਕਿਸੇ ਕੰਮ ਲਈ ਜਾ ਰਹੇ ਸਨ। ਇਸ ਦੌਰਾਨ ਇਕ ਕਰੇਟਾ ਕਾਰ ਵਿਚ ਸਵਾਰ ਹਮਲਾਵਰਾਂ ਨੇ ਉਨ੍ਹਾਂ ਦਾ ਪਿੱਛਾ ਕੀਤਾ ਅਤੇ ਸ਼ੇਰ ਖਾਂ ਪਿੰਡ ਨੇੜੇ ਉਨ੍ਹਾਂ ਦੀ ਕਾਰ 'ਤੇ ਅੰਨ੍ਹੇਵਾਹ ਗੋਲ਼ੀਆਂ ਚਲਾ ਦਿੱਤੀਆ। ਹਾਲਾਂਕਿ ਇਸ ਵਾਰਦਾਤ ਵਿਚ ਕੁਲਬੀਰ ਜ਼ੀਰਾ ਵਾਲ-ਵਾਲ ਬਚ ਗਏ ਅਤੇ ਵਾਰਦਾਤ ਉਪਰੰਤ ਹਮਲਾਵਰ ਤੇਜ਼ੀ ਨਾਲ ਫਰਾਰ ਹੋ ਗਏ। ਇਸ ਉਪਰੰਤ ਉਨ੍ਹਾਂ ਨੇ ਪੁਲਿਸ ਨੂੰ ਇਸ ਦੀ ਸ਼ਿਕਾਇਤ ਕੀਤੀ। ਕੁਲਬੀਰ ਜ਼ੀਰਾ ਦੀ ਗੱਡੀ ਦਾ ਪਿੱਛਾ ਕਰ ਰਹੀ ਕਰੇਟਾ ਕਾਰ ਦੀ ਸੀਸੀਟੀਵੀ ਵੀ ਸਾਹਮਣੇ ਆਈ ਹੈ। ਫਿਲਹਾਲ ਹਮਲਾਵਰਾਂ ਬਾਰੇ ਕੋਈ ਜਾਣਕਾਰੀ ਨਹੀਂ ਮਿਲ ਸਕੀ ਹੈ। ਪੁਲਿਸ ਦਾ ਆਖਣਾ ਹੈ ਕਿ ਉਨ੍ਹਾਂ ਨੂੰ ਸ਼ਿਕਾਇਤ ਮਿਲੀ ਹੈ ਅਤੇ ਜਾਂਚ ਕੀਤੀ ਜਾ ਰਹੀ ਹੈ।



## ਅਕਾਲ ਤਖ਼ਤ ਸਾਹਿਬ ਵਲੋਂ ਗਠਿਤ 7 ਮੈਂਬਰੀ ਕਮੇਟੀ ਨੇ 11 ਨੂੰ ਸੱਦੀ ਮੀਟਿੰਗ, ਭੂੰਦੜ ਨੂੰ ਸ਼ਾਮਲ ਹੋਣ ਦਾ ਸੱਦਾ



**ਪਟਿਆਲਾ/ਅੰਮ੍ਰਿਤਸਰ, 4 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੀ ਮੈਂਬਰਸ਼ਿਪ ਭਰਤੀ ਲਈ ਸ੍ਰੀ ਅਕਾਲ ਤਖਤ ਵੱਲੋਂ ਗਠਿਤ ਕੀਤੀ 7 ਮੈਂਬਰੀ ਕਮੇਟੀ ਦੀ ਪਹਿਲੀ ਮੀਟਿੰਗ ਅੱਜ 4 ਫਰਵਰੀ ਪਟਿਆਲਾ ਵਿਖੇ ਹੋਈ ਹੈ। ਇਹ ਮੀਟਿੰਗ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ 'ਚ 7 ਮੈਂਬਰ, ਪ੍ਰਧਾਨ ਧਾਮੀ, ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਗੁਰਪ੍ਰਤਾਪ ਸਿੰਘ ਵਡਾਲਾ, ਇਕਬਾਲ ਸਿੰਘ ਝੂੰਦਾਂ, ਮਨਪ੍ਰੀਤ ਸਿੰਘ ਇਆਲੀ, ਸੰਤਾ ਸਿੰਘ ਉਮੈਦਪੁਰ ਅਤੇ ਬੀਬੀ ਸਤਵੰਤ ਕੌਰ ਸ਼ਾਮਲ ਹੋਏ। ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸਾਰੇ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਨੂੰ ਈਰਖਾ ਅਤੇ ਹੰਕਾਰ ਨੂੰ ਛੱਡ ਕੇ ਇਕੱਠੇ ਚੱਲਣ ਲਈ ਕਿਹਾ ਹੈ। 7 ਮੈਂਬਰੀ ਕਮੇਟੀ ਦੀ ਮੀਟਿੰਗ ਤੋਂ ਬਾਅਦ ਪ੍ਰਧਾਨ ਧਾਮੀ ਨੇ 6 ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅੱਜ 7 ਮੈਂਬਰੀ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਮੁਤਾਬਕ ਮੀਟਿੰਗ ਹੋਈ, ਜਿਸ 'ਚ ਪੂਰੀ ਸਹਿਮਤੀ ਦੇਖੀ ਗਈ ਹੈ। ਉਨ੍ਹਾਂ ਕਿਹਾ ਕਿ 7 ਮੈਂਬਰੀ ਕਮੇਟੀ ਦੀ ਮੀਟਿੰਗ 'ਚ ਸ਼੍ਰੋਮਣੀ ਅਕਾਲੀ ਦਲ ਦੀ ਭਰਤੀ ਦਾ ਆਦੇਸ਼ ਹੋਇਆ ਹੈ। ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਫੈਸਲਾ ਹੋਇਆ ਹੈ ਕਿ 11 ਤਰੀਖ ਨੂੰ ਮੀਟਿੰਗ ਹੋਵੇਗੀ ਅਤੇ ਇਸ ਮੀਟਿੰਗ 'ਚ ਸ਼੍ਰੋਮਣੀ ਅਕਾਲੀ ਦਲ ਦੇ ਵਰਕਿੰਗ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਨੂੰ ਆਉਣ ਦਾ ਆਦੇਸ਼ ਹੈ ਅਤੇ ਇਸ ਤੋਂ ਬਾਅਦ ਪ੍ਰੈੱਸ ਕਾਨਫਰੰਸ ਕੀਤੀ ਜਾਵੇਗੀ। ਹੁਣ ਦੇਖਣਾ ਹੋਵੇਗਾ ਕਿ 11 ਤਾਰੀਖ ਨੂੰ ਕੀ ਫੈਸਲਾ ਹੁੰਦਾ ਹੈ। ਦੱਸ ਦੇਈਏ ਕਿ ਇਸ ਸੱਤ ਮੈਂਬਰੀ ਕਮੇਟੀ ਦਾ ਐਲਾਨ ਸ੍ਰੀ ਅਕਾਲ ਤਖਤ ਤੋਂ 2 ਦਸੰਬਰ ਨੂੰ ਜਥੇਦਾਰ ਗਿਆਨੀ ਰਘਬੀਰ ਸਿੰਘ ਵੱਲੋਂ ਕੀਤਾ ਗਿਆ ਸੀ। ਦੋ ਦਸੰਬਰ ਨੂੰ ਅਕਾਲ ਤਖ਼ਤ ਦੀ ਫਸੀਲ ਤੋਂ ਪੰਜ ਜਥੇਦਾਰਾਂ ਵੱਲੋਂ ਅਕਾਲੀ ਦਲ ਦੀ ਨਵੀਂ ਭਰਤੀ ਦੀ ਨਿਗਰਾਨੀ ਵਾਸਤੇ ਸੱਤ ਮੈਂਬਰੀ ਕਮੇਟੀ ਬਣਾ ਕੇ ਭਰਤੀ ਮੁਕੰਮਲ ਕਰਨ ਅਤੇ ਅਕਾਲੀ ਦਲ ਦੇ ਪ੍ਰਧਾਨ ਤੇ ਹੋਰ ਅਹੁਦੇਦਾਰਾਂ ਦੀ ਚੋਣ ਕਰਨ ਦੇ ਆਦੇਸ਼ ਦਿੱਤੇ ਸਨ।

## 53 ਸਾਲਾਂ ਦੇ ਪੰਜਾਬੀ ਸਿੱਖ ਨੇ ਫਤਿਹ ਕੀਤੀ ਮਾਊਂਟ ਐਵਰੈਸਟ ਦੀ ਚੋਟੀ

**ਫ਼ਤਹਿਗੜ੍ਹ ਸਾਹਿਬ, 4 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦੇ ਪਿੰਡ ਬੋੜ ਦੇ ਜੰਮਪਲ ਤੇ ਨਿਊਜ਼ੀਲੈਂਡ ਨਿਵਾਸੀ 53 ਸਾਲਾ ਮਲਕੀਅਤ ਸਿੰਘ ਵੱਲੋਂ ਦੁਨੀਆਂ ਦੀ ਸਭ ਤੋਂ ਉੱਚੀ ਚੋਟੀ ਮਾਊਂਟ ਐਵਰੈਸਟ ਨੂੰ ਸਰ ਕੀਤੀ ਗਈ। ਕੇਸਰੀ ਨਿਸ਼ਾਨ ਝਲਾਉਣ ਵਾਲੇ ਪਹਿਲੇ ਗੁਰਸਿੱਖ ਮਲਕੀਅਤ ਸਿੰਘ ਵਲੋਂ ਨੌਜਵਾਨਾਂ ਨੂੰ ਉਤਸ਼ਾਹਿਤ ਕਰਨ ਦੇ ਮੰਤਵ ਨਾਲ ਮਾਊਂਟ ਐਵਰੈਸਟ ਤੇ ਚੜਾਈ ਕਰਨ ਮੌਕੇ ਇਸਤੇਮਾਲ ਕੀਤੀ ਆਪਣੀ 10 ਹਜ਼ਾਰ ਡਾਲਰ ਕੀਮਤ ਵਾਲੀ ਕਿੱਟ ਸ੍ਰੀ ਗੁਰੂ ਗ੍ਰੰਥ ਸਾਹਿਬ ਯੂਨੀਵਰਸਿਟੀ ਵਿੱਚ ਦਾਨ ਕੀਤੀ। ਮਲਕੀਅਤ ਸਿੰਘ ਵਲੋਂ ਕੀਤੇ ਇਸ ਉਪਰਾਲੇ ਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਵਲੋਂ ਸ਼ਲਾਘਾ ਵੀ ਕੀਤੀ ਗਈ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਐਸਜੀਪੀਸੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਉਹਨਾਂ ਨੂੰ ਇਸ ਗੱਲ ਦੀ ਖੁਸ਼ੀ ਹੈ ਕਿ ਇੱਕ ਸਿੱਖ ਦੇ ਵੱਲੋਂ ਮਾਊਂਟ ਐਵਰੈਸਟ ਦੀ ਚੋਟੀ ਸਰ ਕਰਕੇ ਉਸ ਤੇ ਕੇਸਰੀ ਝੰਡਾ ਝੁਲਾਇਆ ਗਿਆ ਹੈ। ਉਹਨਾਂ ਨੇ ਕਿਹਾ ਕਿ ਮਲਕੀਅਤ ਸਿੰਘ ਵੱਲੋਂ ਐਵਰੈਸਟ ਦੀ ਚੋਟੀ ਸਰ ਕਰਨ ਦੌਰਾਨ ਜੋ ਜੈਕਟਾਂ ਪਾਈਆਂ ਗਈਆਂ ਸਨ। ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਡੋਨੇਟ ਕੀਤਾ ਗਿਆ ਹੈ। ਜਿਸ ਨੂੰ ਸ਼ੀਸ਼ੇ ਦੇ ਵਿੱਚ ਜੜ ਕੇ ਲੋਕਾਂ ਨੂੰ ਪ੍ਰੇਰਨਾ ਦਾਇਕ ਲਈ ਬਣਾਇਆ ਜਾਵੇਗਾ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਮਲਕੀਅਤ ਸਿੰਘ ਨੇ ਕਿਹਾ ਕਿ ਮੇਰੇ ਮਨ ਦੀ ਤਮੰਨਾ ਸੀ ਕੀ ਵਾਹਿਗੁਰੂ ਨੇ ਜੋ ਮਾਨ ਮੈਨੂੰ ਬਖਸ਼ਿਆ ਹੈ ਇਸ ਤੋਂ ਹੋਰ ਗੁਰ ਸਿੱਖ ਉਤਸ਼ਾਹ ਹੋਣ ਲਈ ਵਰਤਿਆ ਜਾਵੇ। ਉਹਨਾਂ ਨੇ ਦੱਸਿਆ ਕਿ ਮਾਊਂਟ ਐਵਰੈਸਟ ਦੀ ਚੋਟੀ ਸਰ ਕਰਨ ਦੌਰਾਨ ਉਹਨਾਂ ਨੂੰ ਅਨੇਕਾਂ ਮੁਸ਼ਿਕਲਾਂ ਦਾ ਸਾਹਮਣਾ ਕਰਨਾ ਪਿਆ। ਜਿਸ ਤਰ੍ਹਾਂ ਕਿ ਉੱਥੇ ਆਕਸੀਜਨ ਦੇ ਘੱਟ ਹੋ ਜਾਣ ਕਾਰਨ ਵੀ ਬਹੁਤ ਪਰੇਸ਼ਾਨੀ ਹੋਏ ਤੇ ਨਾਲ ਆਕਸੀਜਨ ਸਿਲੰਡਰ ਲੈ ਕੇ ਜਾਣੇ ਪੈਂਦੇ ਹਨ। ਉਹਨਾਂ ਨੇ ਦੱਸਿਆ ਕਿ ਜੋ ਸਮਾਨ ਉਹਨਾਂ ਵੱਲੋਂ ਮਾਊਂਟ ਅਵਰੈਸਟ ਦੀ ਚੋਟੀ ਨੂੰ ਸਰ ਕਰਨ ਦੇ ਦੌਰਾਨ ਵਰਤਿਆ ਗਿਆ ਸੀ। ਉਹ ਕਿੱਟ ਲਗਭਗ 10 ਅਮਰੀਕਨ ਡਾਲਰ ਦੀ ਹੈ ਜਿਸਨੂੰ ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਨੂੰ ਡੁਨੇਟ ਕਰ ਰਹੇ ਹਨ। ਉਹਨਾਂ ਨੇ ਨੌਜਵਾਨ ਪੀੜੀ ਨੂੰ ਅਪੀਲ ਕੀਤੀ ਕਿ ਦ੍ਰਿੜ ਇਰਾਦੇ ਨਾਲ ਹਰ ਕੰਮ ਨੂੰ ਕੀਤਾ ਜਾ ਸਕਦਾ ਹੈ। ਇਸ ਮੌਕੇ ਐਡਵੋਕੇਟ ਅਮਰਦੀਪ ਸਿੰਘ ਧਾਰਨੀ ਨੇ ਕਿਹਾ ਕਿ ਮਲਕੀਅਤ ਸਿੰਘ ਨੇ ਮਾਊਂਟ ਐਵਰੈਸਟ ਦੀ ਚੋਟੀ ਤੇ ਨਿਸ਼ਾਨ ਸਾਹਿਬ ਚੜਾ ਕੇ ਪੂਰੀ ਸਿੱਖ ਕੌਮ ਦਾ ਨਾਮ ਰੋਸ਼ਨ ਕੀਤਾ ਹੈ।



## ਮੁੱਖ ਮੰਤਰੀ ਮਾਨ ਨੇ ਹਾਈਲੈਵਲ ਮੀਟਿੰਗ ਤੋਂ ਬਾਅਦ ਕੀਤੀ ਵੱਡੀ ਕਾਰਵਾਈ, ਸਖ਼ਤ ਹੁਕਮ ਕੀਤੇ ਜਾਰੀ



**ਚੰਡੀਗੜ੍ਹ, 4 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਮੁੱਖ ਮੰਤਰੀ ਭਗਵੰਤ ਮਾਨ ਵਲੋਂ ਪੰਜਾਬ ਪੁਲਿਸ ਦੇ ਉੱਚ ਅਧਿਕਾਰੀਆਂ ਨਾਲ ਹਾਈ ਲੈਵਲ ਮੀਟਿੰਗ ਕੀਤੀ ਗਈ। ਇਸ ਉਪਰੰਤ ਮੁੱਖ ਮੰਤਰੀ ਭਗਵੰਤ ਮਾਨ ਵਲੋਂ ਸਖ਼ਤ ਹੁਕਮ ਜਾਰੀ ਕੀਤੇ ਗਏ। ਉੱਥੇ ਹੀ ਸੀਐਮ ਮਾਨ ਨੇ ਸੋਸ਼ਲ ਮੀਡੀਆ 'ਤੇ ਹੁਕਮ ਜਾਰੀ ਕਰਦਿਆਂ ਹੋਇਆਂ ਕਿਹਾ ਕਿ ਅੱਜ ਚੰਡੀਗੜ੍ਹ ਵਿਖੇ ਪੰਜਾਬ ਪੁਲਿਸ ਦੇ ਉੱਚ ਅਧਿਕਾਰੀਆਂ ਸਮੇਤ ਸੂਬੇ ਦੇ ਸਾਰੇ ਜ਼ਿਲ੍ਹਿਆਂ ਦੇ SSPs ਤੇ ਪੁਲਿਸ ਕਮਿਸ਼ਨਰਾਂ ਨਾਲ ਮੀਟਿੰਗ ਕੀਤੀ। ਕਾਨੂੰਨ ਵਿਵਸਥਾ ਨਾਲ ਜੁੜੇ ਵੱਖ-ਵੱਖ ਮਸਲਿਆਂ 'ਤੇ ਵਿਚਾਰ ਚਰਚਾ ਕੀਤੀ। ਅੱਜ ਚੰਡੀਗੜ੍ਹ ਵਿਖੇ ਪੰਜਾਬ ਪੁਲਿਸ ਦੇ ਉੱਚ ਅਧਿਕਾਰੀਆਂ ਸਮੇਤ ਸੂਬੇ ਦੇ ਸਾਰੇ ਜ਼ਿਲ੍ਹਿਆਂ ਦੇ SSPs ਤੇ ਪੁਲਿਸ ਕਮਿਸ਼ਨਰਾਂ ਨਾਲ ਮੀਟਿੰਗ ਕੀਤੀ। ਕਾਨੂੰਨ ਵਿਵਸਥਾ ਨਾਲ ਜੁੜੇ ਵੱਖ-ਵੱਖ ਮਸਲਿਆਂ 'ਤੇ ਵਿਚਾਰ ਚਰਚਾ ਕੀਤੀ। ਸਭ ਤੋਂ ਪਹਿਲਾਂ ਤਾਂ ਨਸ਼ੇ ਨੂੰ ਲੈਕੇ ਹੋਰ ਸਖ਼ਤ ਹੋਣ ਨੂੰ ਕਿਹਾ। ਸਮੱਗਲਰਾਂ ਦੀਆਂ ਜਾਇਦਾਦਾਂ ਅਟੈਚ ਕਰਨ ਤੇ ਪੁਲਿਸ ਅਫ਼ਸਰਸਭ ਤੋਂ ਪਹਿਲਾਂ ਤਾਂ ਨਸ਼ੇ ਨੂੰ ਲੈਕੇ ਹੋਰ ਸਖ਼ਤ ਹੋਣ ਨੂੰ ਕਿਹਾ। ਸਮੱਗਲਰਾਂ ਦੀਆਂ ਜਾਇਦਾਦਾਂ ਅਟੈਚ ਕਰਨ ਤੇ ਪੁਲਿਸ ਅਫ਼ਸਰ ਪਿੰਡ ਲੈਵਲ 'ਤੇ ਲੋਕਾਂ ਨਾਲ ਜ਼ਿਆਦਾ ਰਾਬਤਾ ਰੱਖਣ, ਨਾਲ ਹੀ ਗੈਂਗਸਟਰਾਂ ਖ਼ਿਲਾਫ਼ ਜ਼ੀਰੋ ਟਾਲਰੈਂਸ ਨੀਤੀ ਤਹਿਤ ਕੰਮ ਕਰਨ ਦੀ ਵਚਨਬੱਧਤਾ ਨੂੰ ਲੈ ਕੇ ਨਿਰਦੇਸ਼ ਜਾਰੀ ਕੀਤੇ। ਪੰਜਾਬ ਪੁਲਿਸ ਕਾਨੂੰਨ ਵਿਵਸਥਾ ਬਣਾਏ ਰੱਖਣ ਲਈ ਪੂਰੀ ਤਰ੍ਹਾਂ ਸਮਰੱਥ ਹੈ। ਪੰਜਾਬ ਪੁਲਿਸ ਦੇ ਸਹਿਯੋਗ ਨਾਲ ਆਮ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਸਾਡੀ ਸਰਕਾਰ ਗੰਭੀਰਤਾ ਨਾਲ ਕੰਮ ਕਰ ਰਹੀ ਹੈ।

# AWAZE QAUM TOUR & TRAVEL UK &
## SINGH TRAVEL CANADA JATHA

15 ਸਾਲ ਤੋਂ ਸੰਗਤਾਂ ਦੀ ਸੇਵਾ ਕਰ ਰਹੇ ਹਾਂ – YATRA SEWA SINCE 2010

# YATRA NANKANA SAHIB


WE WILL ALSO BE VISITING 25+ GURDWARA'S AND HISTORICAL PLACES

## 20 FEBRUARY TO 27 FEBRUARY, 2025

UK, EUROPE, ITALY, CANADA, USA SANGAT CAN JOIN OUR JATHA WITH FAMILIES & FRIENDS









### YATRA INCLUDES:

- GURDWARA NANKANA SAHIB
- GURDWARA PATTI SAHIB
- GURDWARA TAMBU SAHIB
- GURDWARA KIARA SAHIB
- GURDWARA MALJI SAHIB
- GURDWARA BAL LILA SAHIB
- GURDWARA SACHA SAUDA
- GURDWARA RORI SAHIB
- GURDWARA PANJA SAHIB
- GURDWARA BEBE DI BER SIALKOT
- GURDWARA DERA SAHIB
- JANAM ASTHAN BEBE NANKI JI
- BHAI LALU JI DA GHAR
- JANAM ASTHAN GURU RAMDAS JI
- GURDWARA SHRI KARTARPUR SAHIB
- GURDWARA SHAHEED GANJ LAHORE
- MATA SAHIB KAUR JI JANAM ASTHAN
- DARBAR SAI MIAN MIR JI
- SHAHI QILA (SIKH FORT)
- SHOPPING AT ANARKALI BAZAR

Yatra Booking, Please contact:

## RAGHBIR SINGH

Tel: +44 7976 210161

### YATRA PACKAGE INCLUDES:

PAKISTAN VISA + HOTEL (TWIN SHARED) + LUXURY TRANSPORT + VEG FOOD + MINERAL WATER + TRIP YATRA PHOTO & VIDEOS + WiFi & MUCH MORE

CANADA. +1 647-231-1600 - USA. +1 716-342-6007

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਧਨੀਐ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛੱਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV

ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਤੇਰੇ ਜਨ ਪਰਉਪਕਾਰੀ ਆਏ

ਸੇਵਾਪੰਥੀ ਅੱਡਣਸ਼ਾਹੀ ਸੰਪ੍ਰਦਾਇ ਦੇ ਭੂਸ਼ਣ ਮਹਾਂਪੁਰਸ਼
ਸਚਖੰਡਵਾਸੀ ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ ਵਾਲਿਆਂ ਦੇ
100 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ
51 ਬੇਟੀਆਂ ਦੇ ਸਮੂੰਹਿਕ ਆਨੰਦ ਕਾਰਜ


ਸਚਖੰਡਵਾਸੀ
ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ

ਮਿਤੀ - 12 ਫਰਵਰੀ 2025 ਨੂੰ ਕਰਵਾਏ ਜਾ ਰਹੇ ਹਨ।
ਸਭਾਗੀਆਂ ਬੱਚੀਆਂ ਨੂੰ ਘਰ ਵਿੱਚ ਵਰਤੋਂ ਵਿਹਾਰ ਦਾ ਸਾਜੋ ਸਮਾਨ ਦੇ ਕੇ ਸਤਿਕਾਰ ਸਹਿਤ ਵਿਦਾ ਕੀਤਾ ਜਾਵੇਗਾ।

ਸੁਭਾਗੀਆਂ ਜੋੜੀਆਂ ਦੇ ਪਰਿਵਾਰ ਇਹਨਾਂ ਨੰਬਰਾਂ ਤੇ ਸੰਪਰਕ ਕਰਨ - 7901754636, 9306060960, 8146806395, 8054055473


ਮਹੰਤ ਕਾਹਨ ਸਿੰਘ ਸੇਵਾਪੰਥੀ


ਸੰਤ ਰਣਜੀਤ ਸਿੰਘ ਸੇਵਾਪੰਥੀ

ਵਿਸ਼ੇਸ਼ ਸਹਿਯੋਗ -
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ
ਚੇਅਰਮੈਨ, ਸੁੱਖ ਸੇਵਾ ਸਿਮਰਨ ਟਰਸੱਟ,
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਬੇਨਤੀ ਕਰਤਾ - ਮਹੰਤ ਕਾਹਨ ਸਿੰਘ ਜੀ ਸੇਵਾਪੰਥੀ,ਸੰਤ ਰਣਜੀਤ ਸਿੰਘ ਜੀ ਸੇਵਾਪੰਥੀ ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ ਪੰਜਾਬ




# ਘੱਲੂਘਾਰਾ ਦਿਵਸ 'ਤੇ ਵਿਸ਼ੇਸ਼, ਵੱਡੇ ਘੱਲੂਘਾਰੇ ਦੇ ਸ਼ਹੀਦਾਂ ਨੂੰ ਪ੍ਰਣਾਮ ਕਰਦਿਆਂ



**-ਭਗਵਾਨ ਸਿੰਘ ਜੌਹਲ**
bhagwansinghjohal@gmail.com

ਸ਼ਹੀਦ ਕੌਮਾਂ ਦਾ ਸਰਮਾਇਆ ਹੁੰਦੇ ਹਨ। ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹਾਦਤ ਤੋਂ ਪਿੱਛੋਂ ਸਮੇਂ ਦੀ ਹਕੂਮਤ ਸਿੱਖਾਂ ਦਾ ਖੁਰਾ-ਖੋਜ ਮਿਟਾਉਣ ਦੇ ਰਾਹ ਤੁਰ ਪਈ। ਸਮੁੱਚੀ ਕੌਮ ਨੂੰ ਛੇ-ਸੱਤ ਦਹਾਕਿਆਂ ਤੱਕ ਜੰਗਲਾਂ ਵਿੱਚ ਰਹਿਣਾ ਪਿਆ। ਜਿਸ ਕੌਮ ਦੀਆਂ ਤਿੰਨ ਚਾਰ ਪੀੜ੍ਹੀਆਂ ਨੂੰ ਘਰ-ਘਾਟ ਛੱਡ ਕੇ ਜੰਗਲਾਂ ਵਿੱਚ ਰਹਿਣਾ ਪਿਆ ਹੋਵੇਗਾ। ਉਸ ਕੌਮ ਦੇ ਪੁਰਖੇ ਕਿੰਨੇ ਸਖਤ ਜਾਨ ਹੋਣਗੇ। ਸਿੱਖ ਇਤਿਹਾਸ ਵਿੱਚ ਵੱਡੇ ਘੱਲੂਘਾਰੇ ਦੇ ਨਾਂਅ ਨਾਲ ਜਾਣਿਆਂ ਜਾਂਦਾ ਖ਼ੂਨੀ ਸਾਕਾ 18ਵੀਂ ਸਦੀ ਵਿਚ 1782 ਈ. ਵਿੱਚ ਕੁੱਪ-ਰਹੀੜੇ ਦੇ ਅਸਥਾਨ &rsquo ਤੇ ਫਰਵਰੀ ਦੇ ਮਹੀਨੇ ਵਿੱਚ ਵਾਪਰਿਆ। ਇਸ ਖ਼ੂਨੀ ਸਾਕੇ ਤੋਂ ਪਹਿਲਾਂ ਇਕ ਛੋਟਾ ਘੱਲੂਘਾਰਾ ਵੀ ਵਾਪਰਿਆ। ਇਹ ਘੱਲੂਘਾਰਾ ਵੱਡੇ ਘੱਲੂਘਾਰੇ ਤੋਂ 16 ਸਾਲ ਪਹਿਲਾਂ 1746 ਈ. ਵਿੱਚ ਮਈ-ਜੂਨ ਦੇ ਮਹੀਨਿਆਂ ਵਿੱਚ ਕਾਹਨੂਵਾਨ ਦੇ ਛੰਭ ਵਿੱਚ ਵਾਪਰਿਆ ਸੀ। ਇਸ ਤੋਂ ਬਾਅਦ ਇਕ ਤੀਜਾ ਘੱਲੂਘਾਰਾ ਵੀਹਵੀਂ ਸਦੀ ਦੇ ਨੌਵੇਂ ਦਹਾਕੇ ਵਿੱਚ ਵਾਪਰਿਆ। ਇਸ ਖ਼ੂਨੀ ਸਾਕੇ ਨੂੰ ਜੂਨ 1984 ਦੇ ਨਾਂਅ ਨਾਲ ਜਾਣਿਆ ਜਾਂਦਾ ਪਰ ਅਠਾਰਵੀਂ ਸਦੀ ਦੇ ਪੰਜਾਬ ਦਾ ਇਤਿਹਾਸ ਸਾਹਿਬ-ਏ-ਕਮਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪਰਿਵਾਰ ਦੀ ਲਾਸਾਨੀ ਸ਼ਹਾਦਤ ਤੋਂ ਆਰੰਭ ਹੁੰਦਾ। ਇਸ ਅਠਾਰਵੀਂ ਸਦੀ ਵਿੱਚ ਮੁਗਲ ਹਕੂਮਤ ਵੱਲੋਂ ਕੀਤੇ ਤਸ਼ੱਦਦ ਨਾਲ ਪੰਜਾਬ ਦੇ ਇਇਤਹਾਸ ਦਾ ਕੋਈ ਪੰਨਾ ਅਜਿਹਾ ਨਹੀਂ ਜੋ ਸਿੱਖਾਂ ਨਾਲ ਹੋਏ ਟਕਰਾਅ ਦੀ ਦਾਸਤਾਨ ਤੋਂ ਖਾਲੀ ਹੋਵੇਗਾ। ਵੱਡਾ ਘੱਲੂਘਾਰਾ ਕੂਪ-ਰੁਹੀੜਾ (ਨੇੜੇ ਮਲੇਰ ਕੋਟਲਾ) ਦੇ ਅਸਥਾਨ &rsquo ਤੇ ਜੋ ਲੁਧਿਆਣਾ ਤੋਂ ਮਲੇਰਕੋਟਲਾ ਜਾਣ ਵਾਲੀ ਸੜਕ ਦੇ ਪੱਛਮ ਵੱਲ ਮੌਜੂਦ ਵਿਖੇ ਵਾਪਰਿਆ। ਅਹਿਮਦਸ਼ਾਹ ਅਬਦਾਲੀ ਨੇ ਸਿੱਖਾਂ ਦਾ ਨਾਮੋ-ਨਿਸ਼ਾਨ ਮਿਟਾਉਣ ਦੀ ਕਸਮ ਖਾਧੀ ਹੋਈ ਸੀ। ਪਰ ਇਸ ਤੋਂ ਉਲਟ ਜਿਉਂ-ਜਿਉਂ ਜ਼ਬਰੋ-ਜ਼ੁਲਮ ਕਰ ਰਿਹਾ ਸੀ, ਤਿਉਂ ਤਿਉਂ ਸਿੱਖਾਂ ਦੀ ਗਿਣਤੀ ਵਿੱਚ ਚੋਖਾ ਵਾਧਾ ਹੋਈ ਜਾ ਰਿਹਾ ਸੀ। ਇਹ ਗੱਲ ਸਿੱਖ ਕੌਮ ਦੀ ਚੜ੍ਹਦੀ ਕਲਾ ਦਾ ਪ੍ਰਤੱਖ ਸਬੂਤ ਸੀ। 1762 ਈ. ਵਿੱਚ ਬਾਤ ਦਾ ਬਤੰਗੜ ਬਨਾਉਣ ਵਾਲੇ ਗਦਾਰਾਂ ਨੇ ਚੁਗਲੀਆਂ ਕਰ-ਕਰ ਅਬਦਾਲੀ ਨੂੰ ਛੇਵੇਂ ਹਮਲੇ ਲਈ ਉਕਸਾਇਆ। ਹਮਲੇ ' ਸੋਅ ਮਿਲਣ-ਸਾਰ ਸਿੱਖਾਂ ਨੇ ਯੁੱਧ ਨੀਤੀ ਅਨੁਸਾਰ ਖਿੰਡ-ਪੁੰਡ ਕੇ ਮਾਲਵੇ ਦੇ ਮਾਰੂਥਲ ਵਾਲੇ ਇਲਾਕੇ ਵੱਲ ਕੂਚ ਕਰ ਦਿੱਤਾ। ਕੁੱਪ-ਰਹੀੜੇ ਦੇ ਥੇਹ ਉੱਤੇ ਇਕ ਢਾਬ ਦੇ ਕਿਨਾਰੇ ਜਾ ਡੇਰੇ ਲਾਏ। ਤਕਰੀਬਨ ਸਿੱਖਾਂ ਦੀਆਂ ਸਾਰੀਆਂ ਵਹੀਰਾਂ ਜਿਨ੍ਹਾਂ ਦੀ ਗਿਣਤੀ ਵੱਖ-ਵੱਖ ਇਤਿਹਾਸਕਾਰਾਂ ਨੇ 50-60 ਹਜ਼ਾਰ ਦੱਸੀ। ਇਨ੍ਹਾਂ ਵਹੀਰਾਂ ਵਿੱਚ ਬੱਚੇ, ਬਜ਼ੁਰਗ ਅਤੇ ਬੀਬੀਆਂ ਵੀ ਸ਼ਾਮਲ ਸਨ। ਜਦੋਂ ਅਬਦਾਲੀ ਨੂੰ ਸਿੱਖਾਂ ਨੂੰ ਪਾਣੀ ਦੀ ਢਾਬ ਕਿਨਾਰੇ ਇਕੱਠੇ ਹੋਣ ਦੀ ਸੂਹ ਮਿਲੀ ਤਾਂ ਉਹ ਆਪਣੀਆਂ ਫ਼ੌਜਾਂ ਨੂੰ ਲੈ ਕੇ ਕੱਪ ਰਹੀੜੇ ਨੂੰ ਚਲ ਪਿਆ। ਇਧਰ ਅਬਦਾਲੀ ਦੇ ਹੁਕਮ ਅਨੁਸਾਰ ਨਵਾਬ ਜੈਨ ਖਾਂ ਸਰਹੰਦ ਤੇ ਨਵਾਬ ਮਲੇਰ ਕੋਟਲਾ ਨੇ ਆਪਣੇ ਲਸ਼ਕਰ ਸਮੇਤ ਕੁੱਪ ਰਹੀੜਾ ਦੇ ਥੇਹ ਉਤੇ ਬੈਠੇ ਸਿੱਖਾਂ ਦੀਆਂ ਵਹੀਰਾਂ ਨੂੰ ਘੇਰਾ ਪਾ ਲਿਆ। ਨੌਜਵਾਨ ਸਿੱਖਾਂ ਨੇ ਆਪਣੇ ਜਰਨੈਲਾਂ ਦੀ ਅਗਵਾਈ ਅਬਦਾਲੀ ਦੀਆਂ ਦੋ ਤੋਂ ਢਾਈ ਲੱਖ ਫੌਜਾਂ ਦਾ ਆਲੇ ਦੁਆਲੇ ਤੋਂ ਘੇਰਾ ਪਾ ਕੇ ਸਖ਼ਤ ਮੁਕਾਬਾਲ ਕੀਤਾ।



ਸਿੱਖ ਪਰਿਵਾਰਾਂ ਨੂੰ ਬਚਾਉਣ ਲਈ ਭਾਈ ਸੇਖੂ ਸਿੰਘ, ਭਾਈ ਸੱਗੂ ਸਿੰਘ, ਭਾਈਕਾ ਜਾਨ ਹੁਲ ਕੇ ਪਰਿਵਾਰਾਂ ਨੂੰ ਬਚਾਉਣ ਲਈ ਜਾਨ ਹੂਲ ਕੇ ਲੜ ਰਹੇ ਸਨ। ਉਸ ਸਮੇਂ ਪੰਥ ਅਕਾਲੀ ਬੁੱਢਾ ਦਲ ਦੇ ਜਥੇਦਾਰ ਸ. ਜੱਸਾ ਸਿੰਘ ਆਹਲੂਵਾਲੀਆ, ਸ. ਚੜਤ ਸਿੰਘ ਸ਼ੁਕਰਚੱਕੀਆ, ਸ. ਕਰੋੜਾਸਿੰਘ, ਸ. ਕਰਮ ਸਿੰਘ, ਸ. ਗੁਜਰ ਸਿੰਘ, ਸ. ਨਾਹਰ ਸਿੰਘ, ਸ. ਹਰੀ ਸਿੰਘ ਭੰਗੂ ਆਦਿ ਸਿੱਖਾਂ ਦੀਆਂ ਬਾਰਾਂ ਮਿਸਲਾਂ ਦੇ ਸਰਦਾਰ ਜੰਗ-ਏ-ਮੈਦਾਨ ਵਿਚ ਕੌਮ ਲਈ ਜੂਝ ਰਹੇ ਸਨ। ਸ੍ਰੀ ਅਕਾਲ ਤਖ਼ਤ ਦੇ ਜਥੇਦਾਰ ਤੇ ਬੁੱਢਾ ਦਲ ਦੇ ਜਥੇਦਾਰ ਸ. ਜੱਸਾ ਸਿੰਗ ਆਹਲੂਵਾਲੀਆ ਦੇ ਸਰੀਰ ਉੱਪਰ ਛੋਟੇ-ਵੱਡੇ 22 ਫੱਟ ਲੱਗੇ ਸਨ। ਇਸ ਘੱਲੂਘਾਰੇ ਦੇ ਇਸ ਘਮਸਾਣ ਦੇ ਯੁੱਧ ਵਿੱਚ ਸਿੱਖ ਦੁਰਾਨੀ ਦੀ ਫ਼ੌਜ ਅੱਗੇ ਚੱਟਾਨ ਵਾਂਗ ਅੜ ਖਲੋਤੇ। ਇਸ ਘੱਲੂਘਾਰੇ ਪ੍ਰਤੀ ਇਤਿਹਾਸਕਾਰਾਂ ਮੁਤਾਬਿਕ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਖੰਡੇ ਬਾਟੇ ਦੇ ਅੰਮ੍ਰਿਤ ਕਲਾ ਵਰਤ ਰਹੀ ਸੀ। ਆਪਣੇ ਵਹੀਰ ਵਿੱਚ ਸ਼ਾਮਲ ਬਜ਼ੁਰਗਾਂ, ਬੱਚਿਆਂ ਅਤੇ ਬੀਬੀਆਂ ਨੂੰ ਬਚਾਉਂਦੇ ਅੱਗੇ ਵੱਧਦੇ ਗਏ। ਥੋੜ੍ਹੇ ਸਮੇਂ ਵਿੱਚ ਹੀ ਇਸ ਲਹੂ ਡੋਲਵੀਂ ਲੜਾਈ ਵਿਚ ਜੰਗ-ਏ-ਮੈਦਾਨ ਵਿੱਚ ਲਾਸ਼ਾਂ ਦੇ ਢੇਰ ਲੱਗ ਗਏ। ਬਹਾਦਰੀ ਨਾਲ ਲੜਨ ਵਾਲੇ ਸਿੱਖ ਸਰਦਾਰਾਂ ਦੇ ਸਰੀਰ ਤੇਜ ਹਥਿਆਰਾਂ ਨਾਲ ਵਿਨ੍ਹੇ ਗਏ। ਸ. ਆਹਲੂਵਾਲੀਆ ਤੋਂ ਇਲਾਵਾ ਸ. ਸ਼ਾਮ ਸਿੰਘ ਦੇ ਸਰੀਰਾਂ ਉਪਰ ਅਨੇਕਾਂ ਡੂੰਘਏ ਤੇ ਗਹਿਰੇ ਫੱਟ ਲੱਗੇ ਸਨ। ਕੁਪ-ਰੁਹੀੜੇ ਦੀ ਇਸ ਰਣ-ਭੂਮੀ ਵਿੱਚ ਹੋਏ ਇਸ ਘਮਸਾਨ ਦੇ ਯੁੱਧ 5 ਫਰਵਰੀ 1762 ਨੂੰ ਤਕਰੀਬਨ 30-35 ਹਜ਼ਾਰ ਸਿੰਘ ਸਿੰਘਣੀਆਂ ਅਤੇ ਭੁਜੰਗੀਆਂ ਨੇ ਸ਼ਹਾਦਤ ਦਾ ਜਾਮ ਪੀਤਾ। ਕੁਝ ਇਤਿਹਾਸਕਾਰਾਂ ਮੁਤਾਬਿਕ ਇਸ ਘੱਲੂਘਾਰੇ ਵਿਚ ਤਕਰੀਬਨ ਅੱਧੀ ਸਿੱਖ ਕੌਮ ਦਾ ਜਾਨੀ ਤੇ ਮਾਲੀ ਨੁਕਸਾਨ ਹੋਇਆ। ਇਸ ਵੱਡੇ ਕੌਮੀ ਨੁਕਸਾਨ ਤੇ ਸ਼ਹੀਦੀਆਂ ਨੂੰ ਵੇਖਦਿਆਂ ਨੂੰ ਇਸ ਖ਼ੂਨੀ ਸਾਕੇ ਨੂੰ ਵੱਡੇ-ਘੱਲੂਘਾਰੇ ਵਜੋਂ ਜਾਣਿਆ ਜਾਂਦਾ। ਵੱਡੇ ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦ ਵਿੱਚ ਕੁਪ-ਰੁਹੀੜੇ ਦੇ ਇਸ ਅਸਥਾਨ &rsquo ਤੇ ਗੁ: ਵੱਡਾ ਘੱਲੂਘਾਰਾ ਅਤੇ ਸ਼ਹੀਦੀ ਯਾਦਗਾਰ ਨੂੰ ਵੇਖਣ ਲਈ ਅੱਜ ਵੀ ਵੱਡੀ ਗਿਣਤੀ ਵਿਚ ਸੰਗਤ ਨਤਮਸਤਕ ਹੁੰਦੀ। ਵੱਡੇ ਘੱਲੂਘਾਰੇ ਦੇ ਸ਼ਹੀਦਾਂ ਨੂੰ ਸਾਡਾ ਪ੍ਰਣਾਣ।

ਆਵਾਜ਼ਿ ਕੌਮ AWAZE QAUM International Newspaper & WEB TV

### ਜਥੇਦਾਰ ਗਿਆਨੀ ਰਘਬੀਰ ਸਿੰਘ ਜੀ ਸ੍ਰੀ ਅਕਾਲ ਤਖ਼ਤ ਦੀ ਫਸੀਲ ਤੋਂ

# ਦੋ ਦਸੰਬਰ ਨੂੰ ਕੀਤੇ ਹੁਕਮਾਂ ਨੂੰ ਲਾਗੂ ਕਰਵਾਉਣ ਜਾਂ ਅਸਤੀਫ਼ਾ ਦੇਣ : ਭਾਈ ਵਿਰਸਾ ਸਿੰਘ ਖਾਲਸਾ



ਜੰਡਿਆਲਾ ਗੁਰੂ 4 ਫਰਵਰੀ ( ਕੁਲਵੰਤ ਸਿੰਘ ਵਿਰਦੀ) ਜਥੇਦਾਰ ਗਿਆਨੀ ਰਘਬੀਰ ਸਿੰਘ ਜੀ ਨੇ ਦੋ ਦਸੰਬਰ ਨੂੰ ਅਕਾਲ ਤਖ਼ਤ ਸਾਹਿਬ ਤੋਂ ਜਿਥੇ ਬਾਦਲਕਿਆਂ ਦੇ ਕੀਤੇ ਗੁਨਾਹਾਂ ਨੂੰ ਅਕਾਲ ਤਖ਼ਤ ਸਾਹਿਬ ਦੇ ਸਨਮੁਖ ਕਬੂਲ ਕਰਵਾਇਆ ਤੇ ਸਜ਼ਾ ਸੁਣਾਈ, ਉਥੇ ਅਕਾਲੀ ਦਲ ਦੀ ਮੁੱਢਲੀ ਹੋਂਦ ਨੂੰ ਬਚਾਉਣ ਲਈ 7 ਮੈਂਬਰੀ ਕਮੇਟੀ ਦਾ ਗਠਨ ਕੀਤਾ ਤੇ ਐਲਾਨ ਕੀਤਾ ਕਿ ਇਹ ਕਮੇਟੀ ਅਕਾਲੀ ਦਲ ਦੀ ਨਵੀਂ ਭਰਤੀ ਕਰੇਗੀ ਤੇ ਦਾਗ਼ੀ ਬਾਗ਼ੀ ਸਭ ਇੱਕ ਕੀਤੇ ਜਾਣਗੇ,ਪਰ ਸੁਖਬੀਰ ਬਾਦਲ ਨੇ ਜਥੇਦਾਰ ਸਾਹਿਬ ਦੇ ਹੁਕਮਾਂ ਉਲਟਾ ਬੋਲਦਿਆਂ ਮਾਘੀ ਕਾਨਫਰੰਸ ਵਿੱਚ ਸ਼ਰੇਆਮ ਕਿਹਾ ਕਿ ਮੈਂ ਕੋਈ ਗੁਨਾਹ ਨਹੀਂ ਕੀਤਾ, ਸਗੋਂ ਰੇੜਕਾ ਖ਼ਤਮ ਕੀਤਾ ਹੈ, ਉਧਰ ਜਥੇਦਾਰ ਸਾਹਿਬ ਵੱਲੋਂ ਬਣਾਈ ਭਰਤੀ ਸੱਤ ਮੈਂਬਰੀ ਕਮੇਟੀ ਨੂੰ ਛੱਡ ਕੇ ਆਪਣੇ ਤੌਰ ਤੇ ਭਰਤੀ ਸ਼ੁਰੂ ਕਰ ਦਿੱਤੀ ਜਿਸ ਨਾਲ ਜਥੇਦਾਰ ਸਾਹਿਬ ਦੇ ਹੁਕਮਾਂ ਦੀ ਉਲੰਘਣਾ ਹੋਈ,ਇਥੇ ਬੱਸ ਨਹੀਂ ਗਿਆਨੀ ਹਰਪ੍ਰੀਤ ਸਿੰਘ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਤੇ ਲੱਗੇ ਦੋਸ਼ਾਂ ਦੀ ਜਾਂਚ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਵਿਰੁੱਧ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਤਿੰਨ ਮੈਂਬਰੀ ਟੀਮ ਵੱਲੋਂ ਕੀਤੀ ਜਾ ਰਹੀ ਹੈ, ਜਦੋਂ ਕਿ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਵੱਲੋਂ ਬਾਦਲਕਿਆਂ ਦੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਵਿਰੁੱਧ ਕੀਤੀ ਕਾਰਵਾਈ ਦਾ ਸਖਤ ਨੋਟਿਸ ਲਿਆ ਜਾ ਰਿਹਾ ਹੈ ਅਤੇ ਮੰਗ ਕੀਤੀ ਜਾ ਰਹੀ ਹੈ ਕਿ ਜਥੇਦਾਰ ਸਾਹਿਬ ਜੀ ਹੁਕਮਾਂ ਨੂੰ ਲਾਗੂ ਕਰਵਾਉਣ ਨਹੀਂ ਤਾਂ ਆਹੁਦੇ ਤੋਂ ਅਸਤੀਫਾ ਦੇਣ, ਭਾਵੇਂ ਕਿ ਹੁਣ ਅਕਾਲ ਤਖ਼ਤ ਸਾਹਿਬ ਜੀ ਦੇ ਜਥੇਦਾਰ ਸਾਹਿਬ ਨਾਲ ਵਿਰੋਧੀ ਧੜੇ ਦੇ ਅਕਾਲੀ ਗੁਰਪ੍ਰਤਾਪ ਸਿੰਘ ਵਡਾਲਾ ਤੇ ਹੋਰ ਵਿਰੋਧੀਆਂ ਵਲੋਂ ਸਕਾਇਤ ਕਰਨ ਤੇ ਦੋ ਦਸੰਬਰ ਨੂੰ ਭਰਤੀ ਮੁਹਿੰਮ ਲਈ ਬਣਾਈ 7 ਮੈਂਬਰੀ ਕਮੇਟੀ ਦੀ ਮੀਟਿੰਗ ਅੱਜ ਪਟਿਆਲਾ ਵਿਖੇ ਐਸ ਜੀ ਪੀ ਸੀ ਪ੍ਰਧਾਨ ਭਾਈ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਹੋ ਰਹੀ ਹੈ, ਪਰ ਸਿੱਖ ਕੌਮ ਨੂੰ ਵਿਸ਼ਵਾਸ ਨਹੀਂ ਆ ਰਿਹਾ ਹੈ ਕਿ ਜਥੇਦਾਰ ਸਾਹਿਬ ਦੋ ਦਸੰਬਰ ਵਾਲੇ ਹੁਕਮਾਂ ਨੂੰ ਬਾਦਲਕਿਆਂ ਤੇ ਲਾਗੂ ਕਰਵਾਉਣ ਲਈ ਕਾਮਯਾਬ ਹੋ ਜਾਣਗੇ ਜਾ ਨਹੀਂ ? ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਥੇਦਾਰ ਗਿਆਨੀ ਰਘਬੀਰ ਸਿੰਘ ਜੀ ਨੂੰ ਬੇਨਤੀ ਕਰਦੀ ਹੈ ਕਿ ਉਹ ਦੋ ਦਸੰਬਰ ਵਾਲੇ ਹੁਕਮਾਂ ਨੂੰ ਲਾਗੂ ਕਰਵਾਉਣ ਅਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਜੀ ਤੇ ਲੱਗੇ ਦੋਸ਼ਾਂ ਦੀ ਜਾਂਚ ਅਕਾਲ ਤਖ਼ਤ ਸਾਹਿਬ ਦੀ ਬਣਾਈ ਕਮੇਟੀ ਤੋਂ ਕਰਵਾਉਣ ਦੀ ਲੋੜ ਤੇ ਜ਼ੋਰ ਦੇਣ ,ਨਹੀਂ ਤਾਂ ਆਪਣੇ ਇਸ ਉੱਚ ਆਹੁਦੇ ਤੋਂ ਤੁਰੰਤ ਅਸਤੀਫ਼ਾ ਦੇ ਦੇਣ ਤਾਂ ਕਿ ਅਕਾਲ ਤਖ਼ਤ ਸਾਹਿਬ ਦੀ ਸਰਬਉਚਤਾ ਤੇ ਮਹਾਨਤਾ ਨੂੰ ਬਰਕਰਾਰ ਰੱਖਿਆ ਜਾ ਸਕੇ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਬਾਦਲਕਿਆਂ ਵੱਲੋਂ ਜਥੇਦਾਰ ਸਾਹਿਬ ਜੀ ਦੇ ਹੁਕਮਾਂ ਤੋਂ ਬਾਗੀ ਹੋ ਸੱਤ ਮੈਂਬਰੀ ਕਮੇਟੀ ਤੋਂ ਪਾਸੇ ਆਪਣੇ ਡੈਲੀ ਗੇਟਾਂ ਰਾਹੀਂ ਕੀਤਾ ਭਰਤੀ, ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਜੀ ਦੀ ਜਾਂਚ ਸ਼੍ਰੋਮਣੀ ਕਮੇਟੀ ਵੱਲੋਂ ਕਰਨ ਦੀ ਨਿੰਦਾ ਤੇ ਜਥੇਦਾਰ ਸਾਹਿਬ ਤੋਂ ਦੋ ਦਸੰਬਰ ਵਾਲੇ ਫੈਸਲਿਆਂ ਲਾਗੂ ਕਰਵਾਉਣ ਜਾ ਅਸਤੀਫ਼ਾ ਦੇਣ ਦੀ ਮੰਗ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਉਹਨਾਂ ਭਾਈ ਖਾਲਸਾ ਨੇ ਦੱਸਿਆ ਜਦੋਂ ਜਥੇਦਾਰ ਸਾਹਿਬ ਜੀ ਵੱਲੋਂ ਪੰਜ ਸਿੰਘ ਸਾਹਿਬਾਨਾਂ ਦੀ ਇਕੱਤਰਤਾ'ਚ ਅਕਾਲ ਤਖ਼ਤ ਸਾਹਿਬ ਦੀ ਫਸੀਲ ਤੋਂ ਦੋਸ਼ੀ ਤੇ ਸਜ਼ਾ ਸੁਣਾਈ ਤੇ ਬਾਦਲਕਿਆਂ ਨੇ ਸਜ਼ਾ ਭੁਗਤੀ ਵੀ, ਉਸ ਵਕਤ ਦੇਸ਼ਾਂ ਵਿਦੇਸ਼ਾਂ ਵਿੱਚ ਜਥੇਦਾਰ ਸਾਹਿਬ ਅਤੇ ਅਕਾਲ ਤਖ਼ਤ ਸਾਹਿਬ ਦੀ ਸਰਬਉਚਤਾ ਅਤੇ ਮਹਾਨਤਾ ਦਾ ਢਾਕਾਂ ਵੱਜਿਆ, ਭਾਈ ਖਾਲਸਾ ਨੇ ਦੱਸਿਆ ਹੁਣ ਉਹਨਾਂ ਹੁਕਮਾਂ ਤੋਂ ਬਾਗੀ ਹੋ ਕੇ ਬਾਦਲਕਿਆਂ ਫਿਰ ਆਪਣੀਆਂ ਮਨ ਮਰਜ਼ੀਆਂ ਤੇ ਉਤਰ ਆਏ ਹਨ ਅਤੇ ਆਨੇ ਬਹਾਨੇ ਅਕਾਲ ਤਖ਼ਤ ਸਾਹਿਬ ਦੀ ਪਵਿੱਤਰਤਾ ਮਹਾਂਨਤਾ ਤੇ ਮੁਢਲੀ ਮਰਯਾਦਾ ਨੂੰ ਸੱਟ ਮਾਰਨ ਵਾਲੇ, ਗੁਰੂ ਗ੍ਰੰਥ ਸਾਹਿਬ ਜੀ ਦੇ ਅੰਗ ਪਾੜ ਕੇ ਗਲੀਆਂ ਨਾਲੀਆਂ' ਖਿਲਾਰਨ, ਨਿਹੱਥੇ ਸਿੰਘਾਂ ਤੇ ਗੋਲੀਆਂ ਚਲਾਉਣ ਤੇ ਸਿੰਘਾਂ ਦੇ ਝੂਠੇ ਮੁਕਾਬਲੇ ਬਣਾ ਕੇ ਮਾਰਨ ਵਾਲੇ ਪੁਲਿਸ ਅਧਿਕਾਰੀਆਂ ਨੂੰ ਉੱਚ ਅਹੁਦਿਆਂ ਤੇ ਬਿਰਾਜਮਾਨ ਕਰਨ ਤੇ ਬਿਨਾਂ ਮੁਵਾਫੀ ਮੰਗੇ ਸਰਸੇ ਵਾਲੇ ਰਾਮ ਰਹੀਮ ਸਾਧ ਨੂੰ ਮੁਆਫੀ ਦੇਣ ਦੇ ਦੋਸ਼ੀ ਸੁਖਬੀਰ ਨੂੰ ਫਿਰ ਤੋਂ ਪ੍ਰਧਾਨ ਬਣਾਉਣ ਦੀ ਵਿਉਂਤਬੰਦੀ ਘੜੀ ਜਾਂ ਰਹੀ ਹੈ ਜੋਂ ਸਿੱਖ ਕੌਮ ਕਦੇ ਬਰਦਾਸ਼ਤ ਨਹੀਂ ਕਰੇਗੀ ਤੇ ਇਸ ਦਾ ਸਮਾਂ ਆਉਣ ਤੇ ਢੁਕਵਾਂ ਜਵਾਬ ਬਾਦਲਕਿਆਂ ਨੂੰ ਦਿੱਤਾ ਜਾਵੇਗਾ, ਭਾਈ ਖਾਲਸਾ ਨੇ ਕਿਹਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਜਥੇਦਾਰ ਗਿਆਨੀ ਰਘਬੀਰ ਸਿੰਘ ਜੀ ਨੂੰ ਬੇਨਤੀ ਕਰਦੀ ਹੈ ਕਿ ਉਹ ਦੋ ਦਸੰਬਰ ਵਾਲੇ ਕੀਤੇ ਹੁਕਮਾਂ ਨੂੰ ਇੰਨ ਬਿੰਨ ਬਾਦਲਕਿਆਂ ਤੇ ਲਾਗੂ ਕਰਵਾਉਣ ਜਾਂ ਫਿਰ ਆਪਣੇ ਆਹੁੰਦੇ ਤੋਂ ਅਸਤੀਫਾ ਦੇ ਦੇਣ ਤਾਂ ਕਿ ਅਕਾਲ ਤਖ਼ਤ ਸਾਹਿਬ ਦੀ ਸਰਬਉਚਤਾ ਪਵਿੱਤਰਤਾਂ ਅਤੇ ਮਹਾਨਤਾ ਨੂੰ ਬਰਕਰਾਰ ਰੱਖਿਆ ਜਾ ਸਕੇ, ਇਸ ਮੌਕੇ ਤੇ ਭਾਈ ਖਾਲਸਾ ਪ੍ਰਧਾਨ ਏ ਆਈ ਐਸ ਐਸ ਐਫ ਖਾਲਸਾ ਨਾਲ ਭਾਈ ਅਵਤਾਰ ਸਿੰਘ ਅੰਮ੍ਰਿਤਸਰ ਭਾਈ ਜੋਗਿੰਦਰ ਸਿੰਘ ਅਤੇ ਭਾਈ ਜਗਤਾਰ ਸਿੰਘ ਫਿਰੋਜ਼ਪੁਰ ਭਾਈ ਸਿੰਦਾ ਸਿੰਘ ਨਿਹੰਗ ਤੇ ਪਿਰਥੀ ਸਿੰਘ ਧਾਲੀਵਾਲ ਧਰਮਕੋਟ ਭਾਈ ਮਨਜਿੰਦਰ ਸਿੰਘ ਖਾਲਸਾ ਤੇ ਭਾਈ ਸੁਰਜੀਤ ਸਿੰਘ ਕਮਾਲਕੇ ਭਾਈ ਦਿਲਬਾਗ ਸਿੰਘ ਬਾਗੀ ਗੁਰਦਾਸਪੁਰ ਭਾਈ ਜਗਜੀਤ ਸਿੰਘ ਸੈਦੇਸਾਹ ਵਾਲਾ ਭਾਈ ਬਲਕਾਰ ਸਿੰਘ ਦਾਰੇਵਾਲ ਭਾਈ ਸੁਖਦੇਵ ਸਿੰਘ ਫ਼ੌਜੀ ਜਗਰਾਉਂ ਭਾਈ ਜਸਵਿੰਦਰ ਸਿੰਘ ਤੇ ਭਾਈ ਇੰਦਰਜੀਤ ਸਿੰਘ ਕਾਉਂਕੇ ਤੇ ਭਾਈ ਬਲਵਿੰਦਰ ਸਿੰਘ ਖਡੂਰ ਸਾਹਿਬ ਆਦਿ ਆਗੂ ਹਾਜਰ ਸਨ ।

### ਸਿਹਤ ਵਿਭਾਗ ਵੱਲੋਂ ਕੋਟਪਾ ਐਕਟ ਨੂੰ

# ਸਖਤੀ ਨਾਲ ਲਾਗੂ ਕਰਨ ਲਈ ਵਿਸ਼ੇਸ਼ ਟੀਮ ਰਵਾਨਾ

**ਚੌਕ ਮਹਿਤਾ, 4 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਸਿਵਲ ਸਰਜਨ ਅੰਮ੍ਰਿਤਸਰ ਡਾਕਟਰ ਕਿਰਨਦੀਪ ਕੌਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਅਤੇ ਜਿਲਾ ਤੰਬਾਕੂ ਕੰਟਰੋਲ ਨੋਡਲ ਅਫਸਰ -ਕਮ-ਡੀਡੀਐਚਓ ਡਾਕਟਰ ਜਗਜੋਤ ਕੌਰ ਦੀ ਅਗਵਾਈ ਹੇਠ ਕੋਟਪਾ ਐਕਟ ਨੂੰ ਸਖਤੀ ਨਾਲ ਲਾਗੂ ਕਰਨ ਲਈ ਅੱਜ ਦਫਤਰ ਸਿਵਲ ਵਿਖੇ ਤੋਂ ਇੱਕ ਵਿਸ਼ੇਸ਼ ਟੀਮ ਰਵਾਨਾ ਕੀਤੀ ਗਈ, ਜਿਸ ਵਿਚ ਜਿਲ੍ਹਾ ਐਮ.ਈ.ਆਈ.ਓ.ਅਮਰਦੀਪ ਸਿੰਘ, ਡਾ ਜਸਮੀਤ ਕੌਰ, ਐਸ.ਆਈ. ਪਰਮਜੀਤ ਸਿੰਘ ਰਜਿੰਦਰ ਸਿੰਘ, ਮੰਗਲ ਸਿੰਘ, ਰਜੇਸ਼ ਕੁਮਾਰ, ਦੀਪਕ ਕੁਮਾਰ, ਸੁਰਜੀਤ ਸਿੰਘ, ਰਸ਼ਪਾਲ ਸਿੰਘ, ਹਰਵਿੰਦਰ ਸਿੰਘ ਅਤੇ ਸਹਾਇਕ ਸਟਾਫ ਸ਼ਾਮਿਲ ਸਨ। ਇਸ ਟੀਮ ਵਲੋਂ ਮੌਕੇ ਤੇ ਕਾਰਵਾਈ ਕਰਦਿਆਂ ਹੋਇਆ ਸ਼ਹਿਰ ਦੇ ਵੱਖ-ਵੱਖ ਇਲਕਿਆਂ ਵਿਚ ਤੰਬਾਕੂ ਵਿਕਰੇਤਾਵਾਂ ਦੀ ਜਾਂਚ ਕੀਤੀ ਗਈ, ਜਿਸ ਦੌਰਾਨ ਰਣਜੀਤ ਐਵੀਨਿਓ ਅਤੇ ਐਮਕੇ ਹੋਟਲ ਦੇ ਸਾਹਮਣੇ ਦੇ ਇਲਾਕਿਆਂ ਵਿਚ 13 ਦੁਕਾਨਦਾਰਾਂ ਅਤੇ ਪਬਲਿਕ ਸਥਾਨਾਂ ਤੇ ਸਿਗਰਟ ਪੀਣ ਵਾਲੇ 6 ਲੋਕਾਂ ਦੇ ਮੌਕੇ ਤੇ ਚਲਾਣ ਕਟੇ ਗਏ। ਇਸ ਮੌਕੇ ਜਾਣਕਾਰੀ ਦਿੰਦਿਆਂ ਜਿਲ੍ਹਾ ਨੋਡਲ ਅਫਸਰ ਐਨ.ਟੀ.ਸੀ.ਪੀ. ਡਾ ਜਗਨਜੋਤ ਕੌਰ ਨੇ ਕਿਹਾ ਕਿ ਜਿਲ੍ਹੇ ਵਿਚ ਕੋਟਪਾ ਐਕਟ ਨੂੰ ਸਖਤੀ ਨਾਲ ਲਾਗੂ ਕੀਤਾ ਜਾਵੇਗਾ ਅਤੇ ਭਾਰਤ ਸਰਕਾਰ ਵਲੋਂ ਜਾਰੀ ਹੁਕਮਾਂ ਅਨੁਸਾਰ ਇਹ ਲਾਜਮੀਂ ਕੀਤਾ ਹੈ ਕਿ ਹਰੇਕ ਤੰਬਾਕੂ ਪ੍ਰੋਡਕਟ ਦੇ ਪੈਕਟ ਦੇ ਦੋਵੇਂ ਪਾਸੇ ਇਕ ਨਿਰਧਾਰਤ ਮਾਪਦੰਡ ਅਨੁਸਾਰ ਇਕ ਨਿਰਧਾਰਤ ਫੋਟੋ ਅਤੇ ਉਸ ਉਪੱਰ ਤੰਬਾਕੂ ਦਰਦਨਾਕ ਮੌਤ ਅਤੇ ਕੈਂਸਰ ਦਾ ਕਾਰਣ ਬਣਦਾ ਹੈ ਲਿਖਿਆ ਜਾਣਾਂ ਲਾਜਮੀਂ ਹੈ। ਇਸ ਲਈ ਬਿਨਾਂ ਉਪਰੋਕਤ ਮਾਪਦੰਡ ਦੇ ਤੰਬਾਕੂ ਵੇਚਣਾਂ ਕਾਨੂੰਨਣ ਅਪਰਾਧ ਹੈ। ਇਸ ਤੋਂ ਇਲਾਵਾ ਖੁੱਲੀ ਸਿਗਟਰ ਵੇਚਣਾਂ ਅਤੇ ਪਬਲਿਕ ਸਥਾਨਾਂ ਤੇ ਤੰਬਾਕੂ ਨੋਸ਼ੀ ਕਰਨਾਂ ਵੀ ਸਜਾ/ਜੁਰਮਾਨੇਂ ਯੋਗ ਅਪਰਾਧ ਹੈ।




# ਜੋ ਭਰਤੀ ਅਕਾਲੀ ਦਲ ਕਰ ਰਿਹਾ ਉਹ ਹੁਕਮਨਾਮਾ ਦੀ ਉਲੰਘਣਾ



**ਸ੍ਰੀ ਅੰਮ੍ਰਿਤਸਰ ਸਾਹਿਬ, 4 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖਤ ਸਾਹਿਬ ਦੀ ਫਸੀਲ ਤੋਂ 2 ਦਸੰਬਰ ਨੂੰ ਹੋਏ ਫੈਸਲੇ ਉਪਰੰਤ ਲੰਮਾਂ ਸਮਾਂ ਉਡੀਕ ਉਪਰੰਤ ਆਖਿਰ ਅੱਜ ਕਮੇਟੀ ਮੁਖੀ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਸੱਤ ਮੈਂਬਰੀ ਕਮੇਟੀ ਦੀ ਮੀਟਿੰਗ ਰੱਖੀ। ਮੀਟਿੰਗ 'ਚ ਸੱਤ ਹੀ ਮੈਂਬਰ ਹਾਜਰ ਹੋਏ। ਉਹ ਇਹ ਵੀ ਖਾਸ ਕਿ ਸ੍ਰੀ ਅਕਾਲ ਤਖਤ ਸਾਹਿਬ ਦੀ ਫਸੀਲ ਤੋਂ ਦੋ ਦਸੰਬਰ ਨੂੰ ਸੱਤ ਮੈਬਰੀ ਕਮੇਟੀ ਦਾ ਜੋ ਫੈਸਲਾ ਹੋਇਆ ਉਸ ਤੇ ਸਭ ਇਕਮੱਤ ਸਨ, ਇਹ ਗੱਲ ਵੀ ਸਭ ਨੇ ਮੰਨੀ ਕਿ ਸੱਤ ਮੈਂਬਰੀ ਕਮੇਟੀ ਨੂੰ ਪਾਸੇ ਰੱਖ ਜੋ ਭਰਤੀ ਅਕਾਲੀ ਦਲ ਕਰ ਰਿਹਾ ਉਹ ਹੁਕਮਨਾਮਾ ਦੀ ਉਲੰਘਣਾ। ਆਖਿਰ ਇਹ ਫੈਸਲਾ ਹੋਇਆ ਕਿ ਇਕ ਵਾਰ ਵਰਕਿੰਗ ਪ੍ਰੈਜ਼ੀਡੈਂਟ ਬਲਵਿੰਦਰ ਸਿੰਘ ਭੂੰਦੜ ਨੂੰ ਮੀਟਿੰਗ 'ਚ ਸੱਤ ਮੈਂਬਰੀ ਕਮੇਟੀ ਬੁਲਾ ਕੇ ਇਹ ਪੁੱਛਿਆ ਜਾਵੇ ਕਿ ਉਹ ਸੱਤ ਮੈਂਬਰੀ ਕਮੇਟੀ ਨੂੰ ਮੰਨਦੇ ਜਾਂ ਨਹੀਂ, ਹੁਣ ਗੱਲ ਤਾਂ ਇਕ ਹੀ ਹੋ ਸਕਣੀ।

– ਜੇਕਰ ਭੂੰਦੜ ਹਾਂ ਕਹਿੰਦੇ ਤਾਂ ਫਿਰ ਭਰਤੀ ਸੱਤ ਮੈਂਬਰੀ ਕਮੇਟੀ ਕਰੇਗੀ ਅਤੇ ਹੁਣ ਤਕ ਕੀਤੀ ਭਰਤੀ ਰੱਦ ☛ – ਜੇਕਰ ਨਾਂਹ ਕਰਦੇ ਤਾਂ ਇਸ ਦਾ ਮਤਲਬ ਭੂੰਦੜ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮਨਾਮੇ ਨੂੰ ਨਹੀਂ ਮੰਨਦੇ। ☛ – ਜੇਕਰ ਹੋਰ ਸਮਾਂ ਮੰਗਦੇ ਤਾਂ ਭਾਈ ਆਹ ਸੱਤ ਦਿਨ ਦਿੱਤੇ ਬਹੁਤ ਨੇ ਜੀਹਦੇ ਨਾਲ ਵਿਚਾਰ ਕਰਨੀ ਹੋਰ ਕਰ ਲੈਣ।

ਅਸਲੀਅਤ ਇਹ ਹੈ ਕਿ ਹੁਣ ਹੁਕਮਨਾਮੇ ਦਾ ਚੀਰ ਹਰਨ ਕਰਕੇ ਆਖਿਰ ਤੇ ਸਾਰੀ ਖੇਹ ਭੂੰਦੜ ਦੇ ਸਿਰ ਪਾਉਣ ਦੀ ਚਾਲ ਚੱਲੀ ਜਾ ਰਹੀ, ਇਸ ਉਮਰ ਵਿਚ ਜੇਕਰ ਭੂੰਦੜ ਹੁਕਮਨਾਮਾ ਨਹੀਂ ਮੰਨਦੇ ਤਾਂ ਭਗੋੜੇ ਜੇਕਰ ਮੰਨਦੇ ਹਨ ਤਾਂ ਫਿਰ ਜਦ ਮੰਨਣੀ ਸੀ ਪਹਿਲਾ ਮੰਨ ਲੈਂਦੇ......

# ਗੁਰੂ ਕਾਸ਼ੀ ਯੂਨੀਵਰਸਿਟੀ ਨੇ ਮਨਾਇਆ ਬਸੰਤ ਪੰਚਮੀ ਦਾ ਤਿਉਹਾਰ



**ਤਲਵੰਡੀ ਸਾਬੋ, 4 ਫਰਵਰੀ (ਗੁਰਜੰਟ ਸਿੰਘ ਨਥੇਹਾ)**- ਬਸੰਤ ਪੰਚਮੀ ਦਾ ਤਿਉਹਾਰ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਫਕੈਲਟੀ ਆਫ ਵਿਜ਼ੂਅਲ ਐਂਡ ਪਰਫੋਰਮਿੰਗ ਆਰਟਸ ਅਤੇ ਫਕੈਲਟੀ ਆਫ ਫਾਰਮੈਂਸੀ ਵੱਲੋ ਡੀਨ, ਡਾ. ਗੁਰਪ੍ਰੀਤ ਕੌਰ ਤੇ ਡਾ. ਮਨੋਜ ਕੱਟਵਾਲ ਦੀ ਰਹਿਨੁਮਾਈ ਹੇਠ ਵੱਖ-ਵੱਖ ਸਮਾਰੋਹ ਆਯੋਜਿਤ ਕਰਕੇ ਮਨਾਇਆ ਗਿਆ। ਇਸ ਮੌਕੇ ਫਕੈਲਟੀ ਮੈਂਬਰਾਂ ਤੇ ਸਮੂਹ ਵਿਦਿਆਰਥੀਆਂ ਵੱਲੋਂ ਸ਼ਰਧਾ ਸਤਿਕਾਰ ਨਾਲ ਮਾਂ ਸਰਸਵਤੀ ਦੀ ਪੂਜਾ ਕੀਤੀ ਗਈ। ਡਾ. ਕੌਰ ਵੱਲੋਂ ਵਿਦਿਆਰਥੀਆਂ ਨੂੰ ਬਸੰਤ ਪੰਚਮੀ ਦੇ ਇਤਿਹਾਸ ਬਾਰੇ ਜਾਣਕਾਰੀ ਦਿੱਤੀ ਗਈ ਤੇ ਉਹਨਾਂ ਨੂੰ ਆਪਣੇ ਪੁਰਾਤਨ ਵਿਰਸੇ ਨਾਲ ਜੁੜਨ ਲਈ ਪ੍ਰੇਰਿਤ ਕੀਤਾ ਗਿਆ। ਸਮਾਰੋਹ ਵਿੱਚ ਡਾ.ਅਮਨਦੀਪ ਕੌਰ ਤੇ ਡਾ. ਕੁਲਦੀਪ ਕੌਰ ਦੇ ਗਾਇਨ ਨੇ ਸਰੋਤਿਆਂ ਦੀ ਖ਼ੂਬ ਵਾਹ-ਵਾਹ ਕੀਤੀ। ਫਕੈਲਟੀ ਆਫ ਫਾਰਮੈਸੀ ਦੇ ਵਿਦਿਆਰਥੀਆਂ ਵੱਲੋਂ ਤਿੰਨ ਦਿਨ ਚੱਲਣ ਵਾਲੇ ਸਮਾਰੋਹ ਦੀ ਸ਼ੁਰੂਆਤ ਮਾਂ ਸਰਸਵਤੀ ਦੇ ਸਵਰੂਪ ਦੀ ਸਥਾਪਤੀ ਨਾਲ ਕੀਤੀ ਗਈ। ਇਸ ਮੌਕੇ ਵਿਦਿਆਰਥੀਆਂ ਨੇ ਭਜਨ ਗਾਇਨ ਨਾਲ ਸਰੋਤਿਆਂ ਨੂੰ ਨਿਹਾਲ ਕੀਤਾ। ਸਮਾਰੋਹ ਬਾਰੇ ਜਾਣਕਾਰੀ ਦਿੰਦਿਆਂ ਡਾ. ਕੱਟਵਾਲ ਨੇ ਦੱਸਿਆ ਕਿ ਇਹ ਸਮਾਰੋਹ ਤਿੰਨ ਦਿਨ ਚੱਲੇਗਾ, ਤੇ ਸਮਾਪਤੀ ਮਾਂ ਸਰਸਵਤੀ ਦੇ ਸਵਰੂਪ ਵਿਸਰਜਨ ਨਾਲ ਹੋਵੇਗੀ । ਸਾਰਿਆਂ ਵੱਲੋਂ ਸਭਨਾਂ ਦੇ ਉੱਜਵਲ ਭਵਿੱਖ ਲਈ ਅਰਦਾਸ ਕੀਤੀ ਗਈ, ਤੇ ਪ੍ਰਸ਼ਾਦ ਵੰਡਿਆ ਗਿਆ।

# ਹੈਲਥ ਇੰਸਪੈਕਟਰ ਅਸ਼ੋਕ ਕੁਮਾਰ ਦੇ ਮਾਤਾ ਸਿਆਮ ਕੌਰ ਨੂੰ ਵੱਖ ਵੱਖ ਆਗੂਆਂ ਨੇ ਕੀਤੀ ਸਰਧਾਂਜਲੀ ਭੇਂਟ



ਧੂਰੀ ( ਰਣਜੀਤ ਸਿੰਘ ਪੇਧਨੀ ) ਸ੍ਰੀ ਅਸ਼ੋਕ ਕੁਮਾਰ ਹੈਲਥ ਇੰਸਪੈਕਟਰ ਦੇ ਮਾਤਾ ਜੀ ਅਤੇ ਅਰਸ਼ਦੀਪ ਸਿੰਘ S.D.C-P.S.P.C.L- ਡਾ: ਅਕਾਸ਼ਦੀਪ ਕੌਰ ਦੇ ਸਤਿਕਾਰਯੋਗ ਦਾਦੀ ਜੀ ਮਾਤਾ ਸਿਆਮ ਕੌਰ ਪਿਛਲੇ ਦਿਨੀ ਅਚਾਨਕ ਪਰਿਵਾਰ ਨੂੰ ਸਦੀਵੀ ਵਿਛੋੜਾ ਦੇ ਗਏ ਸਨ। ਪਰਿਵਾਰ ਵੱਲੋਂ ਉਨਾਂ ਦੇ ਨਮਿੱਤ ਆਪਣੇ ਗ੍ਰਹਿ ਵਿਖੇ ਸ੍ਰੀ ਸਹਿਜ ਪਾਠ ਆਰੰਭ ਕਰਵਾਏ ਗਏ ਸਨ। ਜਿਨਾਂ ਦੇ ਭੋਗ ਉਪਰੰਤ ਕੀਰਤਨ ਬਖਿਆਨ ਕੀਤਾ ਗਿਆ। ਜਿਸ ਉਪਰੰਤ ਮਾਤਾ ਸਿਆਮ ਕੌਰ ਨੂੰ ਗਗਨਦੀਪ ਸਿੰਘ ਜਥੇਬੰਦੀ ਦੇ ਪ੍ਰਧਾਨ , ਗੁਲਜ਼ਾਰ ਖਾਂ ਮਹਿੰਦਰ ਸਿੰਘ ਸੁਖਪਾਲ ਸਿੰਘ ਜਰਨੈਲ ਸਿੰਘ ਨਿਰਪਾਲ ਸਿੰਘ ਗੁਰਵਿੰਦਰ ਸਿੰਘ ਸਤੀਸ਼ ਕੁਮਾਰ ਸੁਭਾਸ਼ ਕੁਮਾਰ ਜਗਤਾਰ ਸਿੰਘ ਰਾਜਵੀਰ ਸਿੰਘ ਸੁਰਜੀਤ ਸਿੰਘ ਗੁਰਪ੍ਰੀਤ ਸਿੰਘ ਜਸਪਾਲ ਸਿੰਘ ਗੁਰਜੰਟ ਸਿੰਘ ਰਾਮਲਾਲ ਸਿੰਘ ਸੰਜੀਵ ਕੁਮਾਰ ਨੀਰਜ ਕੁਮਾਰ ਰਣਧੀਰ ਸਿੰਘ ਕੁਲਦੀਪ ਸਿੰਘ ਜਗਰਾਜ ਸਿੰਘ ਜਗਜੀਤ ਸਿੰਘ, ਸਾਬਕਾ ਸਰਪੰਚ ਬਲਜੀਤ ਸਿੰਘ ਕਾਲਾ, ਮਨਜੀਤ ਸਿੰਘ ਲੱਡਾ, ਨਪਿੰਦਰ ਸਿੰਘ ਕਾਂਝਲਾ, ਦਵਿੰਦਰ ਸਿੰਘ ਪੁੰਨਾਵਾਲ, ਅਜੀਤਪਾਲ ਕਾਂਝਲਾ, ਜਸਵਿੰਦਰ ਸਿੰਘ ਸੰਧੂ ਅਮਰੀਕ ਸਿੰਘ ਸਿੱਧੂ, ਪੱਤਰਕਾਰ ਰਣਜੀਤ ਸਿੰਘ ਪੇਧਨੀ ਆਦਿ ਆਗੂਆਂ ਨੇ ਮਾਤਾ ਜੀ ਨੂੰ ਸਰਧਾਦੇ ਫੁੱਲ ਭੇਟ ਕੀਤੇ ਗਏ।

## ਰੁਜ਼ਗਾਰ ਅਤੇ ਰੋਜ਼ੀ-ਰੋਟੀ ਲਈ

# ਵੱਖਰਾ ਮੰਤਰਾਲਾ ਬਣਾਇਆ ਜਾਏ: ਵਿਕਰਮਜੀਤ ਸਿੰਘ ਸਾਹਨੀ

**ਨਵੀਂ ਦਿੱਲੀ 4 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**:- ਰਾਜ ਸਭਾ ਵਿੱਚ ਇੱਕ ਜ਼ੋਰਦਾਰ ਭਾਸਣ ਵਿਚ ਅੰਕੜੇ ਦਿੰਦਿਆਂ, ਐਮ ਪੀ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਆਰਥਿਕ ਵਿਕਾਸ ਦੇ ਉਦੇਸ਼ ਨਾਲ ਸਰਕਾਰੀ ਪਹਿਲਕਦਮੀਆਂ ਦੇ ਬਾਵਜੂਦ ਦੇਸ਼ ਵਿੱਚ ਬੇਰੁਜ਼ਗਾਰੀ ਦੀ ਚਿੰਤਾਜਨਕ ਦਰ 'ਤੇ ਡੂੰਘੀ ਚਿੰਤਾ ਪ੍ਰਗਟ ਕੀਤੀ। ਉਨ੍ਹਾਂ ਰੁਜ਼ਗਾਰ ਪੈਦਾ ਕਰਨ ਅਤੇ ਰੋਜ਼ੀ-ਰੋਟੀ ਲਈ ਇੱਕ ਵੱਖਰੇ ਮੰਤਰਾਲੇ ਦੀ ਮੰਗ ਕੀਤੀ। ਡਾ. ਸਾਹਨੀ ਨੇ ਕਿਹਾ ਕਿ ਆਈ ਆਈ ਟੀ ਅਤੇ ਐਨ ਆਈ ਟੀ ਭਾਰਤ ਦੇ ਪ੍ਰਮੁੱਖ ਸੰਸਥਾਨ ਹਨ ਅਤੇ ਇਹ ਚਿੰਤਾਜਨਕ ਹੈ ਕਿ ਪਿਛਲੇ ਸਾਲ ਲਗਭਗ 38% ਆਈ ਆਈ ਟੀ ਗ੍ਰੈਜੂਏਟਾਂ ਨੂੰ ਨੌਕਰੀ ਨਹੀਂ ਮਿਲੀ, ਜਦ ਕਿ ਅੰਤਰਰਾਸ਼ਟਰੀ ਕਿਰਤ ਸੰਗਠਨ ਦੀ ਰਿਪੋਰਟ ਅਨੁਸਾਰ 2022 ਵਿੱਚ ਭਾਰਤ ਵਿੱਚ ਸਿੱਖਿਅਤ ਬੇਰੁਜ਼ਗਾਰੀ 65.7% ਸੀ, ਜਿਸ ਵਿੱਚ 83% ਬੇਰੁਜ਼ਗਾਰ ਨੌਜਵਾਨ ਸਨ। ਔਸਤਨ ਇੱਕ ਵਿਦਿਆਰਥੀ ਕੇ ਜੀ ਤੋਂ ਪੀ ਜੀ ਤੱਕ ਲਗਭਗ 60-70 ਲੱਖ ਦਾ ਨਿਵੇਸ਼ ਕਰਦਾ ਹੈ ਪਰ ਫਿਰ ਵੀ ਬੇਰੁਜ਼ਗਾਰ ਰਹਿੰਦਾ ਹੈ। ਡਾ. ਸਾਹਨੀ ਨੇ ਕਿਹਾ ਕਿ ਆਰਥਿਕ ਸਰਵੇਖਣ ਦੇ ਅਨੁਸਾਰ, ਭਾਰਤ ਨੂੰ ਕਾਰਜਬਲ ਦੀਆਂ ਲੋੜਾਂ ਨੂੰ ਪੂਰਾ ਕਰਨ ਲਈ 2030 ਤੱਕ ਸਾਲਾਨਾ 7.85 ਮਿਲੀਅਨ ਗੈਰ-ਖੇਤੀ ਨੌਕਰੀਆਂ ਪੈਦਾ ਕਰਨੀਆਂ ਚਾਹੀਦੀਆਂ ਹਨ। ਅੱਜ ਤੱਕ, 30 ਲੱਖ ਤੋਂ ਵੱਧ ਸਰਕਾਰੀ ਅਸਾਮੀਆਂ ਖਾਲੀ ਪਈਆਂ ਹਨ। ਹੈਰਾਨ ਕਰਨ ਵਾਲੀ ਗੱਲ ਇਹ ਹੈ ਕਿ ਪਿਛਲੇ ਸਾਲ ਹਰਿਆਣਾ ਵਿੱਚ 1 ਲੱਖ ਤੋਂ ਵੱਧ ਨੌਜਵਾਨਾਂ ਨੇ ਸਫਾਈ ਸੇਵਕ ਦੀਆਂ ਨੌਕਰੀਆਂ ਲਈ ਅਰਜ਼ੀ



ਦਿੱਤੀ ਸੀ, ਇਸੇ ਤਰ੍ਹਾਂ ਯੂਪੀ ਵਿੱਚ, 10 ਲੱਖ ਲੋਕਾਂ ਨੇ ਸਿਰਫ਼ 411 ਅਧਿਆਪਕਾਂ ਦੀਆਂ ਅਸਾਮੀਆਂ ਲਈ ਅਰਜ਼ੀ ਦਿੱਤੀ ਸੀ। ਡਾ. ਸਾਹਨੀ ਨੇ ਕਿਹਾ ਕਿ ਰੁਜ਼ਗਾਰ ਸੰਕਟ ਨਿੱਜੀ ਖੇਤਰ ਵਿੱਚ ਵੀ ਫੈਲਿਆ ਹੋਇਆ ਹੈ, ਭਾਰਤੀ ਆਈ ਟੀ ਉਦਯੋਗ ਵਿੱਚ 2024 ਵਿੱਚ ਨਵੀਂ ਭਰਤੀ ਵਿੱਚ 40% ਦੀ ਗਿਰਾਵਟ ਆਈ ਹੈ, ਜਿਸ ਨਾਲ ਨੌਜਵਾਨਾਂ ਲਈ ਨੌਕਰੀ ਦੇ ਮੌਕੇ ਹੋਰ ਘਟ ਗਏ ਹਨ। ਜਦੋਂ ਕਿ ਏ ਆਈ ਅਤੇ ਆਟੋਮੇਸ਼ਨ 2040 ਤੱਕ 69% ਆਈ ਟੀ ਅਤੇ ਸੇਵਾ ਖੇਤਰ ਦੀਆਂ ਨੌਕਰੀਆਂ ਨੂੰ ਖਤਮ ਕਰ ਸਕਦੇ ਹਨ ਜਿਸ ਨਾਲ, ਲੱਖਾਂ ਲੋਕਾਂ ਨੂੰ ਉਜਾੜੇ ਦਾ ਸਾਹਮਣਾ ਕਰਨਾ ਪੈ ਸਕਦੇ ਹੈ। ਡਾ ਸਾਹਨੀ ਨੇ ਕਿਹਾ ਕਿ "ਉਚਿਤ ਕਿੱਤਾਮੁਖੀ ਸਿਖਲਾਈ ਅਤੇ ਮੁੜ ਹੁਨਰ ਪ੍ਰੋਗਰਾਮਾਂ ਤੋਂ ਬਿਨਾਂ, ਇਹ ਤਬਦੀਲੀ ਬੇਰੁਜ਼ਗਾਰੀ ਸੰਕਟ ਨੂੰ ਹੋਰ ਡੂੰਘਾ ਕਰੇਗੀ"। ਡਾ. ਸਾਹਨੀ ਨੇ ਸਵੈ-ਰੁਜ਼ਗਾਰ ਸਕੀਮਾਂ ਵਿੱਚ ਨੀਤੀਗਤ ਇਰਾਦੇ ਅਤੇ ਇਨ੍ਹਾਂ ਨੂੰ ਲਾਗੂ ਕਰਨ ਵਿਚਕਾਰ ਪਾੜੇ ਨੂੰ ਉਜਾਗਰ ਕਰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਮੁਦਰਾ ਯੋਜਨਾ ਅਤੇ ਸਟਾਰਟਅੱਪ ਇੰਡੀਆ ਦਾ ਉਦੇਸ਼ ਜ਼ਮਾਨਤ-ਮੁਕਤ ਕਰਜ਼ੇ ਪ੍ਰਦਾਨ ਕਰਨਾ ਹੈ, ਪਰ ਸਖ਼ਤ ਬੈਂਕਿੰਗ ਸ਼ਰਤਾਂ ਪਹੁੰਚ ਨੂੰ ਮੁਸ਼ਕਲ ਬਣਾਉਂਦੀਆਂ ਹਨ। ਸਿੱਖਿਆ ਕਰਜ਼ਿਆਂ ਲਈ ਵੀ ਭਾਰੀ ਗਾਰੰਟੀਆਂ ਦੀ ਲੋੜ ਹੁੰਦੀ ਹੈ, ਜੋ ਕਿ ਬਹੁਤ ਸਾਰੇ ਲੋਕਾਂ ਲਈ ਮੌਕਿਆਂ ਨੂੰ ਸੀਮਤ ਕਰਦੀ ਹੈ। ਉਹਨਾ ਕਿਹਾ ਕਿ 83% ਮੁਦਰਾ ਕਰਜ਼ਿਆਂ ਦੀ ਰਾਸ਼ੀ 50,000 ਰੁਪਏ ਤੋਂ ਘੱਟ ਸੀ ਜੋ ਕਿ ਇੱਕ ਸਨਮਾਨਜਨਕ ਕਾਰੋਬਾਰ ਸ਼ੁਰੂ ਕਰਨ ਲਈ ਨਾ-ਮਾਤਰ ਹੈ।

## 'ਸੀ.ਐਮ ਦੀ ਯੋਗਸ਼ਾਲਾ' ਸਦਕਾ ਯੋਗ ਵੱਲ ਵੱਧ ਰਿਹਾ ਹੈ ਸੰਗਰੂਰ ਵਾਸੀਆਂ ਦਾ ਰੁਝਾਨ

# ਸਵੇਰ ਤੋਂ ਸ਼ਾਮ ਦੇ ਵੱਖ-ਵੱਖ ਸੈਸ਼ਨਾਂ ਦੌਰਾਨ ਵੱਡੀ ਗਿਣਤੀ ਲੋਕ ਮੁਫ਼ਤ ਸਿੱਖ ਰਹੇ ਹਨ ਯੋਗ ਆਸਨ


**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਸੀ.ਐਮ. ਦੀ ਯੋਗਸ਼ਾਲਾ' ਪ੍ਰਤੀ ਸੰਗਰੂਰ ਵਾਸੀਆਂ ਵੱਲੋਂ ਹਾਂ-ਪੱਖੀ ਹੁੰਗਾਰਾ ਦਿੱਤਾ ਜਾ ਰਿਹਾ ਹੈ। ਜ਼ਿਲ੍ਹਾ ਸੰਗਰੂਰ ਦੀਆਂ ਸਾਰੀਆਂ ਸਬ ਡਵੀਜ਼ਨਾਂ ਦੇ ਬਹੁ ਗਿਣਤੀ ਸ਼ਹਿਰੀ ਖੇਤਰਾਂ ਅਤੇ ਪਿੰਡਾਂ ਵਿੱਚ ਯੋਗ ਸਿਖਲਾਈ ਦੇ ਕੈਂਪ ਰੋਜ਼ਾਨਾ ਦੇ ਆਧਾਰ ਉਤੇ ਲੱਗ ਰਹੇ ਹਨ ਜਿਸ ਵਿੱਚ ਔਸਤਨ 5 ਤੋਂ 7 ਹਜ਼ਾਰ ਲੋਕ ਲਾਭ ਉਠਾ ਰਹੇ ਹਨ। ਸੰਗਰੂਰ ਵਿਖੇ ਇਸ ਪ੍ਰੋਜੈਕਟ ਦੇ ਕੋਆਰਡੀਨੇਟਰ ਨਿਰਮਲ ਸਿੰਘ ਨੇ ਦੱਸਿਆ ਕਿ ਲੋਕਾਂ ਦੀ ਸੁਵਿਧਾ ਮੁਤਾਬਕ ਯੋਗ ਕੈਂਪ ਰਿਹਾਇਸ਼ੀ ਖੇਤਰਾਂ ਨਜ਼ਦੀਕ ਸਥਿਤ ਸਾਂਝੀਆਂ ਥਾਵਾਂ ਉੱਤੇ ਲਗਾਏ ਜਾ ਰਹੇ ਅਤੇ ਵੱਡੀ ਗਿਣਤੀ ਵਿੱਚ ਵੱਖ-ਵੱਖ ਉਮਰ ਵਰਗ ਦੇ ਲੋਕ ਇਹਨਾਂ ਕੈਂਪਾਂ ਵਿੱਚ ਸ਼ਾਮਿਲ ਹੋ ਕੇ ਸਰੀਰਕ ਅਤੇ ਮਾਨਸਿਕ ਤੰਦਰੁਸਤੀ ਹਾਸਲ ਕਰ ਰਹੇ ਹਨ। ਨਿਰਮਲ ਸਿੰਘ ਨੇ ਦੱਸਿਆ ਕਿ ਸੂਖਸ਼ਮ ਵਿਯਾਮ, ਸਥੂਲ ਵਿਯਾਮ, ਆਸਣ, ਧਿਆਨ, ਪ੍ਰਾਣਾਯਾਮ ਆਦਿ ਨਾਲ ਸਰਵਾਈਕਲ, ਪਿੱਠ ਦਰਦ, ਚਿੰਤਾ, ਜੋੜਾਂ ਦੇ ਦਰਦ, ਮੋਟਾਪਾ, ਹਾਈ-ਲੋਅ ਬਲੱਡ ਪ੍ਰੈਸ਼ਰ ਆਦਿ ਬਿਮਾਰੀਆਂ ਤੋਂ ਰਾਹਤ ਮਿਲ ਰਹੀ ਹੈ। ਉਨ੍ਹਾਂ ਨੇ ਦੱਸਿਆ ਕਿ ਇਹ ਯੋਗਸ਼ਾਲਾ ਸੰਗਰੂਰ ਦੇ ਨਾਲ ਨਾਲ ਸੁਨਾਮ, ਲਹਿਰਾ, ਦਿੜ੍ਹਬਾ, ਮੂਨਕ, ਖਨੌਰੀ, ਭਵਾਨੀਗੜ੍ਹ ਅਤੇ ਧੂਰੀ ਵਿੱਚ ਵੀ ਚੱਲ ਰਹੀ ਹੈ। ਉਨ੍ਹਾਂ ਕਿਹਾ ਕਿ ਯੋਗ ਦਾ ਭਰਪੂਰ ਲਾਭ ਲੈਣ ਲਈ ਟੋਲ ਫਰੀ ਨੰਬਰ 76694-00500 ਜਾਂ https://cmdiyogshala .punjab.gov.in ਉਤੇ ਲਾਗ ਇਨ ਕੀਤਾ ਜਾ ਸਕਦਾ ਹੈ।



## ਭਾਈ ਦੁੱਲਾ ਸਿੰਘ ਖੇੜੀ ਦੀ ਅੰਤਮ ਅਰਦਾਸ ਵਿਚ

# ਉੱਘੀਆਂ ਪੰਥਕ ਸ਼ਖ਼ਸੀਅਤਾਂ ਨੇ ਹਾਜਰੀ ਭਰ ਕੇ ਸ਼ਰਧਾ ਦੇ ਫੁੱਲ ਭੇਂਟ ਅਰਪਣ ਕੀਤੇ

**ਨਵੀਂ ਦਿੱਲੀ, 4 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**:- ਖਾੜਕੂ ਸਫਾਂ 'ਚ ਵਿਚਰਨ ਵਾਲੇ ਤੇ ਉਮਰ ਭਰ ਸਮਪ੍ਰਤ ਭਾਵਨਾ ਨਾਲ ਪੰਥ ਦੀ ਸੇਵਾ ਤੇ ਮਨੁੱਖੀ ਅਧਿਕਾਰਾਂ ਲਈ ਜਿੰਦਗੀ ਲਾਉਣ ਵਾਲੇ ਭਾਈ ਦੁੱਲਾ ਸਿੰਘ ਦਾ ਅੰਤਮ ਅਰਦਾਸ ਸਮਾਗਮ ਉਹਨਾਂ ਦੇ ਜੱਦੀ ਪਿੰਡ ਖੇੜੀ ਖੁਰਦ ਵਿਖੇ ਕਰਵਾਇਆ ਗਿਆ, ਜਿੱਥੇ ਪੰਜਾਬ ਭਰ ਦੀਆਂ ਸਖ਼ਸੀਅਤਾਂ ਨੇ ਹਾਜਰੀ ਭਰੀ, ਜਿਹਨਾਂ ਵਿਚ ਵਿਸ਼ੇਸ਼ ਤੌਰ 'ਤੇ ਸ਼ਹੀਦ ਭਾਈ ਪਰਮਜੀਤ ਸਿੰਘ ਪੰਜਵੜ੍ਹ ਦੇ ਭਰਾ ਭਾਊ ਬਲਦੇਵ ਸਿੰਘ ਪੰਜਵੜ੍ਹ ਵੀ ਸਾਥੀਆਂ ਸਮੇਤ ਪੁੱਜੇ। ਉਹਨਾਂ ਨੂੰ ਸਰਧਾਂਜਲੀ ਭੇਟ ਕਰਦਿਆ ਉਹਨਾਂ ਦੇ ਤੀਹ ਸਾਲ ਦੇ ਕਰੀਬ ਸਾਥੀ ਰਹੇ ਪੰਥ ਸੇਵਕ ਜਥਾ ਦੇ ਆਗੂ ਭਾਈ ਹਰਦੀਪ ਸਿੰਘ ਮਹਿਰਾਜ ਨੇ ਕਿਹਾ ਕਿ ਭਾਈ ਦੁੱਲਾ ਵੱਲੋਂ ਖਾੜਕੂਆਂ ਨਾਲ ਹਥਿਆਰਬੰਦ ਯੁੱਧ 'ਚ ਹਿੱਸਾ ਲੈਣ, ਬੇਤਸਾਹਾ ਤਸ਼ੱਦਦ ਸਹਿਣਾ, ਜੇਲ੍ਹਾਂ ਦੀਆਂ ਸਲਾਖ਼ਾਂ ਤੇ ਫਿਰ ਬਾਹਰ ਆ ਕੇ ਜਿੰਦਗੀ ਭਰ ਤਨ, ਮਨ, ਧਨ ਨਾਲ ਪੰਥਕ ਸੇਵਾ ਕਰਨ ਦੇ ਵਰਤਾਰੇ ਨੂੰ ਭੁਲਾਇਆ ਨਹੀਂ ਜਾ ਸਕਦਾ, ਉਹਨਾਂ ਕਿਹਾ ਕਿ ਉਹਨਾਂ ਦੀ ਜਸਟਿਸ ਅਜੀਤ ਸਿੰਘ ਬੈਂਸ ਨਾਲ ਬਹੁਤ ਨੇੜਤਾ ਸੀ ਤੇ ਉਹ ਉਹਨਾਂ ਦੀ ਜਥੇਬੰਦੀ ਦੇ ਜਿਲ੍ਹਾ ਪ੍ਰਧਾਨ ਵੀ ਸਨ। ਉਹਨਾਂ ਨੂੰ ਸੱਚੀ ਸਰਧਾਂਜਲੀ ਇਹ ਹੋਵੇਗੀ ਕਿ ਅਸੀਂ ਉਹਨਾਂ ਦੇ ਦਰਸਾਏ ਰਾਹ 'ਤੇ ਚੱਲ ਆਪਣੇ ਰਾਜ ਭਾਗ ਲਈ ਸੰਘਰਸ਼ ਕਰੀਏ। ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਭਾਈ ਨਰਿੰਦਰ ਸਿੰਘ ਕਾਲਾ ਨੇ ਕਿਹਾ ਕਿ ਭਾਈ ਦੁੱਲਾ ਸਿੰਘ ਨੇ ਨਿਸਕਾਮ ਹੋ ਕੇ ਬਗੈਰ ਕਿਸੇ ਲੋਭ ਲਾਲਚ ਤੋਂ ਕੌਮ ਦੀ ਸੇਵਾ ਕੀਤੀ, ਜਦੋਂ ਵੀ ਸ੍ਰ. ਸਿਮਰਨਜੀਤ ਸਿੰਘ ਮਾਨ ਜਿੱਥੋਂ ਵੀ ਚੋਣਾਂ ਵਿਚ ਖੜੇ ਹੁੰਦੇ ਉਹ ਉਹਨਾਂ ਲਈ ਦਿਨ ਰਾਤ ਮਿਹਨਤ ਕਰਦੇ ਹੁੰਦੇ ਸਨ। ਪੰਜਾਬ ਹਿਊਮਨ ਰਾਇਟਸ ਦੇ ਸਰਪ੍ਰਸਤ ਬਾਬਾ ਦਰਸ਼ਨ ਸਿੰਘ ਨੇ ਦੱਸਿਆ ਕਿ ਮਨੁੱਖੀ ਅਧਿਕਾਰਾਂ ਲਈ ਕੰਮ ਕਰਨ ਵਾਸਤੇ ਉਹਨਾਂ ਨੂੰ ਭਾਈ ਦੁੱਲਾ ਸਿੰਘ ਜੀ ਹੀ ਇਸ ਖੇਤਰ ਵਿਚ ਲੈ ਕੇ ਆਏ, ਉਹਨਾਂ ਕਿਹਾ ਕਿ ਉਹ ਪੰਥ ਦੀ ਸੇਵਾ ਲਈ ਐਨੇ ਸਮਪ੍ਰਤ ਸਨ ਕਿ ਉਹਨਾਂ ਵਿਆਹ ਵੀ ਨਾ ਕਰਵਾਇਆ ਤੇ ਜਿੰਦਗੀ ਦਾ ਇਕ ਇਕ ਪਲ ਕੌਮ ਲੇਖੇ ਲਾਇਆ। ਭਾਈ ਗੁਰਨਾਇਬ ਸਿੰਘ ਰਾਮਪੁਰ ਜਿਲ੍ਹਾ ਪ੍ਰਧਾਨ ਸੰਗਰੂਰ ਮਾਨ ਦਲ ਨੇ ਵੀ ਸੰਗਤਾਂ ਨਾਲ ਵਿਚਾਰ ਸਾਂਝੇ ਕੀਤੇ ਸਨ। ਸਮਾਗਮ ਵਿਚ ਸਟੇਜ ਦੀ ਜਿੰਮੇਵਾਰੀ ਭਾਈ ਰਾਮ ਸਿੰਘ ਢਿਪਾਲੀ ਨੇ ਨਿਭਾਈ। ਅੰਤਮ ਅਰਦਾਸ ਅੰਦਰ ਸ਼ਹੀਦ ਭਾਈ ਪੰਜਵੜ੍ਹ ਦੇ ਸਾਥੀ ਭਾਈ ਪਰਮਜੀਤ ਸਿੰਘ ਮਾਲੂਵਾਲ, ਲੇਖਕ ਤੇ ਸੀਨੀਅਰ ਪੱਤਰਕਾਰ ਬਲਜਿੰਦਰ ਸਿੰਘ ਕੋਟਭਾਰਾ, ਦਲ ਖ਼ਾਲਸਾ ਦੇ ਭਾਈ ਗੁਰਵਿੰਦਰ ਸਿੰਘ ਬਠਿੰਡਾ, ਭਾਈ ਜੀਵਨ ਸਿੰਘ ਗਿੱਲ ਕਲਾਂ, ਸਰਪੰਚ ਰਣਜੀਤ ਸਿੰਘ ਗੋਇੰਦਵਾਲ ਸਾਹਿਬ, ਸਰਪੰਚ ਬਲਵੀਰ ਸਿੰਘ ਗੱਗੋਬੂਹਾ, ਭਾਈ ਮੰਗਲ ਸਿੰਘ ਤਰਨ ਤਾਰਨ, ਪ੍ਰਿਤਪਾਲ ਸਿੰਘ ਤਰਨ ਤਾਰਨ ਆਦਿ ਵੀ ਹਾਜ਼ਰ ਸਨ। ਇਸ ਮੌਕੇ ਲੇਖਕ ਸੁਰਿੰਦਰਪਾਲ ਸਿੰਘ ਠੀਕਰੀਵਾਲ ਦੀ ਕਿਤਾਬ "ਜੰਗੀ ਯੋਧੇ" ਵੀ ਜਾਰੀ ਕੀਤੀ ਗਈ ਤੇ ਪੁੱਜੀਆਂ ਸਾਰੀਆਂ ਸ਼ਖਸੀਅਤਾਂ ਨੂੰ ਕਿਤਾਬ ਭੇਟ ਕੀਤੀ ਗਈ।



### ਬਾਈ ਦੁੱਲਾ ਦੀ ਪੰਥ ਪ੍ਰਤੀ ਸਮਪ੍ਰਤ ਸੇਵਾ ਭੁਲਾਈ ਨਹੀਂ ਜਾ ਸਕਦੀ-ਭਾਈ ਹਰਦੀਪ ਸਿੰਘ ਮਹਿਰਾਜ

# ਸਮਾਜ ਸੇਵੀ ਭਾਨ ਸਿੰਘ ਜੱਸੀ ਵੱਲੋਂ 3 ਲੱਖ ਰੁਪਏ ਦੀ ਰਾਸ਼ੀ ਗਰੀਬਾਂ ਨੂੰ ਸਮਰਪਿਤ ਕਰਨ ਨੂੰ ਆਗੂਆਂ ਨੇ ਦੱਸਿਆ ਸਲਾਘਾਯੋਗ ਕਦਮ

## ਖੇਡ ਮੇਲੇ ਤੇ ਹਜ਼ਾਰਾਂ ਦਰਸ਼ਕਾਂ ਦੇ ਇਕੱਠ ਵਿੱਚ ਮਿਲਿਆ ਸੀ ਇਹ ਵੱਡਾ ਸਨਮਾਨ



**ਸ਼ੇਰਪੁਰ ( ਰਣਜੀਤ ਸਿੰਘ ਪੇਧਨੀ )**-ਮੀਰੀ ਪੀਰੀ ਸਪੋਰਟਸ ਐਂਡ ਵੈਲਫੇਅਰ ਕਲੱਬ ਵੱਲੋਂ ਪਿੰਡ ਜੱਖਲਾਂ ਵਿਖੇ ਮੇਜਰ ਲੀਗ ਦੀਆਂ ਕਬੱਡੀ ਟੀਮਾਂ ਦਾ ਖੇਡ ਮੇਲਾ ਕਰਵਾਇਆ ਗਿਆ। ਕਲੱਬ ਦੇ ਚੇਅਰਮੈਨ ਹਰਦੀਪ ਸਿੰਘ ਬਬਲੂ ਜੱਖਲਾਂ ਯੂ.ਐਸ.ਏ, ਪ੍ਰਧਾਨ ਗੁਰਸੇਵ ਸਿੰਘ ਸੇਬੀ ਕਾਂਝਲਾ, ਤੇ ਕਲੱਬ ਦੇ ਹੋਰਨਾਂ ਸੀਨੀ: ਆਗੂਆਂ ਦੀ ਅਗਵਾਈ ਵਿੱਚ ਹੋਏ ਇਸ ਵੱਡੇ ਕਬੱਡੀ ਕੱਪ ਦੌਰਾਨ ਸਮਾਜ ਸੇਵੀ ਭਾਨ ਸਿੰਘ ਜੱਸੀ ਨੂੰ ਪ੍ਰਬੰਧਕਾਂ ਵੱਲੋਂ 3 ਲੱਖ ਰੁਪਏ ਦੀ ਨਗਦ ਰਾਸ਼ੀ ਨਾਲ ਸਨਮਾਨਿਤ ਕੀਤਾ ਗਿਆ ਸੀ। ਉਨਾਂ ਨੇ ਤੁਰੰਤ ਹੀ ਸਨਮਾਨ ਵਿੱਚ ਮਿਲੀ ਰਾਸ਼ੀ ਪ੍ਰਬੰਧਕਾਂ ਨੂੰ ਹੀ ਵਾਪਸ ਸੌਂਪਦਿਆਂ ਗਰੀਬਾਂ ਦੀ ਭਲਾਈ ਤੇ ਖਰਚਣ ਦਾ ਐਲਾਨ ਕੀਤਾ ਸੀ, ਖੇਡ ਮੇਲੇ ਤੇ ਮਿਲੇ ਇਸ ਵੱਡੇ ਐਵਾਰਡ ਤੇ ਖੁਸ਼ੀ ਪ੍ਰਗਟ ਕਰਦਿਆਂ ਸਰਪੰਚ ਯੂਨੀਅਨ ਜ਼ਿਲਾ ਸੰਗਰੂਰ ਦੇ ਸਾਬਕਾ ਆਗੂ ਜਸਬੀਰ ਸਿੰਘ ਛੰਨਾ, ਮਨਰੇਗਾ ਮਜ਼ਦੂਰ ਯੂਨੀਅਨ ਪੰਜਾਬ ਦੇ ਆਗੂ ਕਾਮਰੇਡ ਖੁਸ਼ੀਆ ਸਿੰਘ, ਸਰਪੰਚ ਯੂਨੀਅਨ ਜ਼ਿਲ੍ਹਾ ਬਰਨਾਲਾ ਦੇ ਸਾਬਕਾ ਪ੍ਰਧਾਨ, ਨੌਜਵਾਨ ਆਗੂ ਤਰਨਜੀਤ ਸਿੰਘ ਦੁੱਗਲ ਨੇ ਸਮਾਜ ਸੇਵੀ ਭਾਨ ਸਿੰਘ ਜੱਸੀ ਨੂੰ ਸਨਮਾਨ ਵਿੱਚ 3 ਲੱਖ ਰੁਪਏ ਦੀ ਰਾਸ਼ੀ ਨਾਲ ਸਨਮਾਨ ਕਰਨ ਤੇ ਮੇਰੀ ਪੀਰੀ ਕਲੱਬ ਦੇ ਆਗੂਆਂ ਦਾ ਧੰਨਵਾਦ ਕੀਤਾ। ਹਜ਼ਾਰਾਂ ਕਬੱਡੀ ਪ੍ਰੇਮੀਆਂ ਵੱਲੋਂ ਛੱਡੇ "ਜੈਕਾਰਿਆ" ਦੀ ਗੂੰਜ ਵਿੱਚ ਸ੍ਰੀ ਜੱਸੀ ਨੇ ਸਨਮਾਨ ਦੀ ਨਗਦ ਰਾਸ਼ੀ ਪ੍ਰਬੰਧਕਾਂ ਨੂੰ ਹੀ ਮੁੜ ਵਾਪਸ ਸੌਂਪਦਿਆਂ, ਝੁੱਗੀਆਂ ਵਿੱਚ ਰਹਿਣ ਵਾਲੇ ਗਰੀਬ ਬੱਚਿਆਂ ਦੀ ਪੜ੍ਹਾਈ ਅਤੇ ਜਿੰਦਗੀ ਦੇ ਸੰਕਟ ਵਿੱਚ ਘਿਰੇ ਲੋੜਵੰਦ ਲੋਕਾਂ ਦੀ ਖੁਦ ਆਪਣੇ ਹੱਥੀ ਮਦਦ ਕਰਨ ਦੀ ਅਪੀਲ ਕੀਤੀ, ਉਪਰੋਕਤ ਆਗੂਆਂ ਨੇ ਸਮਾਜ ਸੇਵੀ, ਭਾਨ ਸਿੰਘ ਜੱਸੀ ਵੱਲੋਂ ਸਨਮਾਨ ਦੀ ਰਾਸ਼ੀ "ਸਰਬੱਤ ਦੇ ਭਲੇ" ਦੇ ਸੰਕਲਪ ਦੀ ਰੋਸ਼ਨੀ ਵਿੱਚ ਗਰੀਬਾਂ,ਲੋੜਵੰਦਾਂ ਨੂੰ ਸਮਰਪਿਤ ਕੀਤੇ ਜਾਣ ਦੇ ਫੈਸਲੇ ਦੀ ਭਰਪੂਰ ਸਲਾਘਾ ਕੀਤੀ।

## ਬਾਬਾ ਦੀਪ ਸਿੰਘ ਦੇ ਜਨਮ ਦਿਹਾੜੇ ਦੇ ਸਬੰਧ ਵਿੱਚ ਲੰਗਰ ਲਗਾਇਆ



**ਚੌਕ ਮਹਿਤਾ, 4 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਗੁਰਦੁਆਰਾ ਨਾਨਕਸਰ ਸਾਹਿਬ ਰਾਮ ਤੀਰਥ ਵਿਖੇ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਦੇ ਸਬੰਧ ਵਿੱਚ ਪੂਰੀ ਛੋਲਿਆਂ ਦਾ ਲੰਗਰ ਲਗਾਇਆ ਗਿਆ, ਇਸ ਮੌਕੇ 'ਤੇ ਲੰਗਰ ਦੀ ਸੇਵਾ ਕਰਦੇ ਹੋਏ ਗੁਰਦੁਆਰਾ ਸਾਹਿਬ ਦੇ ਸੇਵਾਦਾਰ ਅਤੇ ਪਿੰਡ ਕਲੇਰ ਦੇ ਵਾਸੀ।

## 9ਵਾਂ ਪਰਮਿੰਦਰਜੀਤ ਯਾਦਗਾਰੀ ਐਵਾਰਡ "ਵਿਸ਼ਾਲ" ਦੀ ਝੋਲੀ

**ਚੌਕ ਮਹਿਤਾ, 4 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ )**-ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਅਤੇ ਇਪਸਾ ਆਸਟਰੇਲੀਆ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਮਰਹੂਮ ਸ਼ਾਇਰ "ਪਰਮਿੰਦਰਜੀਤ ਯਾਦਗਾਰੀ 9ਵਾਂ ਐਵਾਰਡ-2025" ਐਤਕੀਂ ਉੱਘੇ ਸ਼ਾਇਰ ਵਿਸ਼ਾਲ ਨੂੰ ਦਿੱਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਅਤੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ ਅਤੇ ਇਪਸਾ ਦੇ ਸੰਚਾਲਕ ਸਰਬਜੀਤ ਸੋਹੀ ਨੇ ਦੱਸਿਆ ਹੈ ਕਿ ਇਹ ਸਨਮਾਨ ਸਮਾਰੋਹ ਮਿਤੀ 9 ਫਰਵਰੀ 2025, ਦਿਨ ਐਤਵਾਰ ਨੂੰ ਸਵੇਰੇ 11 ਵਜੇ ਦਸ਼ਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਬਾਬਾ ਬਕਾਲਾ ਸਾਹਿਬ (ਨਜ਼ਦੀਕ ਛਾਉਣੀ ਸਾਹਿਬ) ਵਿਖੇ ਕੀਤਾ ਜਾਵੇਗਾ। ਇਸ ਸਨਮਾਨ ਵਿੱਚ 21,000/- ਰੁ: ਤੋਂ ਇਲਾਵਾ ਦੁਸ਼ਾਲਾ ਅਤੇ ਸਨਮਾਨ ਚਿੰਨ੍ਹ ਸ਼ਾਮਿਲ ਹੋਵੇਗਾ। ਮੌਕੇ ਮੁੱਖ ਮਹਿਮਾਨ ਪ੍ਰਸਿੱਧ ਸ਼ਾਇਰ ਗੁਰਤੇਜ ਕੋਹਾਰਵਾਲਾ, ਵਿਸ਼ੇਸ਼ ਮਹਿਮਾਨ ਕਥਾਕਾਰ ਕੁਲਦੀਪ ਸਿੰਘ ਬੇਦੀ ਅਤੇ ਪ੍ਰੋ: ਕੁਲਵੰਤ ਔਜਲਾ ਹੋਣਗੇ, ਜਦਕਿ ਪ੍ਰਧਾਨਗੀ ਮੰਡਲ ਵਿੱਚ ਡਾ: ਗੋਪਾਲ ਸਿੰਘ ਬੁੱਟਰ, ਮੱਖਣ ਕੋਹਾੜ, ਇੰਦਰੇਸ਼ਮੀਤ, ਦੀਪ ਦਵਿੰਦਰ ਸਿੰਘ, ਕੰਵਰ ਇਕਬਾਲ ਸਿੰਘ, ਗੁਰਮੀਤ ਸਿੰਘ ਬਾਜਵਾ ਅਤੇ ਪ੍ਰਿੰਸੀਪਲ ਕੁਲਬੀਰ ਸਿੰਘ ਮਾਨ ਸੁਸ਼ੋਭਿਤ ਹੋਣਗੇ। ਇਸ ਮੌਕੇ ਹਾਜਰ ਕਵੀਜਨ ਕਵਿਤਾ ਪਾਠ ਕਰਨਗੇ। ਸਭਾ ਦੇ ਸਰਪ੍ਰਸਤ ਪ੍ਰਿੰ: ਰਘਬੀਰ ਸਿੰਘ ਸੋਹਲ, ਪ੍ਰਧਾਨ ਸੰਤੋਖ ਸਿੰਘ ਗੁਰਾਇਆ, ਖਜ਼ਾਨਚੀ ਮਾ: ਮਨਜੀਤ ਸਿੰਘ ਵੱਸੀ, ਸੀਨੀਅਰ ਮੀਤ ਪ੍ਰਧਾਨ ਮੱਖਣ ਸਿੰਘ ਭੈਣੀਵਾਲਾ ਅਤੇ ਪ੍ਰੈੱਸ ਸਕੱਤਰ ਬਲਵਿੰਦਰ ਸਿੰਘ ਅਠੌਲਾ ਨੇ ਸਮੂਹ ਨੂੰ ਪੁੱਜਣ ਲਈ ਅਪੀਲ ਕੀਤੀ ਹੈ।



ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ 12 ਫਰਵਰੀ ਨੂੰ ਮਹਾਨ ਨਗਰ ਕੀਰਤਨ ਤੇ

# ਸਲਾਨਾ ਮਹਾਨ ਗੁਰਮਤਿ ਸੰਤ ਸਮਾਗਮ 14 ਫਰਵਰੀ ਨੂੰ : ਸੰਤ ਬਾਬਾ ਸੁੱਚਾ ਸਿੰਘ



ਫ਼ਿਰੋਜ਼ਪੁਰ, 4 ਫਰਵਰੀ (ਮਨੋਹਰ ਲਾਲ):— ਗੁਰਦੁਆਰਾ ਠਾਠ ਨਾਨਕਸਰ ਪਿੰਡ ਚੱਕ ਘੁਬਾਈ ਉਰਫ ਛਾਂਗਾ ਖੁਰਦ ਮਮਦੋਟ ਵਿਖੇ ਧੰਨ—ਧੰਨ ਸ੍ਰੀ ਗੁਰੂ ਹਰਿ ਰਾਇ ਸਾਹਿਬ ਜੀ ਦੇ ਅਵਤਾਰ ਗੁਰਪੁਰਬ ਨੂੰ ਸਮਰਪਿਤ ਅਤੇ ਧੰਨ—ਧੰਨ ਬਾਬਾ ਕੁੰਦਨ ਸਿੰਘ ਜੀ ਦੀ ਪਵਿੱਤਰ ਬਰਸੀ ਅਤੇ ਸਲਾਨਾ ਸ਼ਤਾਬਦੀ ਨੂੰ ਸਮਰਪਿਤ ਅਤੇ ਮਾਘ ਮਹੀਨੇ ਨੂੰ ਸਮਰਪਿਤ ਸਲਾਨਾ ਮਹਾਨ ਗੁਰਮਤਿ ਸੰਤ ਸਮਾਗਮ 14 ਫਰਵਰੀ (3 ਫੱਗਣ) 2025 ਦਿਨ ਸ਼ੁਕਰਵਾਰ ਅਤੇ ਮਹਾਨ ਨਗਰ ਕੀਰਤਨ 12 ਫਰਵਰੀ (1 ਫੱਗਣ) 2025 ਦਿਨ ਬੁੱਧਵਾਰ ਨੂੰ ਸਜਾਏ ਜਾ ਰਹੇ ਹਨ। ਇਹ ਜਾਣਕਾਰੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਮੌਜੂਦਾ ਮਹਾਂਪੁਰਸ਼ ਸ੍ਰੀਮਾਨ ਸੰਤ ਬਾਬਾ ਗੁਰਜੀਤ ਸਿੰਘ ਨਾਨਕਸਰ ਕਲੇਰਾਂ ਵਾਲੇ, ਸ੍ਰੀਮਾਨ ਸੰਤ ਬਾਬਾ ਗੁਰਚਰਨ ਸਿੰਘ ਨਾਨਕਸਰ ਕਲੇਰਾਂ ਵਾਲੇ, ਸ੍ਰੀਮਾਨ ਸੰਤ ਬਾਬਾ ਸੁਖਦੇਵ ਸਿੰਘ ਭੁਚੋ ਸਾਹਿਬ ਵਾਲਿਆਂ ਦੀ ਸੁਚੱਜੀ ਅਗਵਾਈ ਹੇਠ ਸਲਾਨਾ ਮਹਾਨ ਗੁਰਮਤਿ ਸੰਤ ਸਮਾਗਮ ਕਰਵਾਏ ਜਾ ਰਹੇ ਹਨ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਅੱਗੇ ਦੱਸਿਆ ਕਿ 12 ਫਰਵਰੀ (ਇਕ ਫੱਗਣ) 2025 ਦਿਨ ਬੁੱਧਵਾਰ ਨੂੰ ਮਹਾਨ ਨਗਰ ਕੀਰਤਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਹੇਠ ਪੰਜ ਨਿਸ਼ਾਨਚੀ ਹੇਠ ਝੂਲਦੇ ਨਿਸ਼ਾਨ ਸਾਹਿਬ ਹੇਠ ਚਲੇਗਾ ਅਤੇ ਦਾਸ ਦੀ ਦੇਖ—ਰੇਖ ਹੇਠ ਚਲੇਗਾ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਅੱਗੇ ਦੱਸਿਆ ਕਿ ਇਹ ਮਹਾਨ ਨਗਰ ਕੀਰਤਨ ਸੰਗਤਾਂ ਦੇ ਸਹਿਯੋਗ ਨਾਲ ਗੁਰਦੁਆਰਾ ਨਾਨਕਸਰ ਠਾਠ ਚੱਕੀ ਘੁਬਾਈ ਛਾਂਗਾ ਖੁਰਦ ਤੋਂ ਸਵੇਰੇ 8 ਵਜੇ ਆਰੰਭ ਹੋ ਕੇ ਪਿੰਡ ਮੁਰਕਵਾਲਾ, ਟਿੱਬੀ ਕਲਾਂ, ਕੜਮਾ, ਨਵਾਂ ਕਿਲੀ, (ਕਿਲੀ ਲੰਗਰ ਦੀ ਸੇਵਾ), ਸੋਢੀ ਵਾਲਾ, ਡੋਡ, ਪੀਰ ਕੇ, ਭੂਰੇ ਖੁਰਦ, ਫੁਲਰਵੰਨ, ਜੰਗਾਂ ਵਾਲਾ ਮੋੜ, ਸਦਰਦੀਨ, ਕਾਲਾ ਟਿੱਬਾ, ਟਿੱਬੀ ਖੁਰਦ, ਕੋਟ ਆਸਾ ਸਿੰਘ ਵਾਲਾ, ਪੀਰੂ ਵਾਲਾ, ਰੋਡੇਵਾਲਾ, ਵਾਹਕੇ, ਮੱਲਾਂਕਰੀ, ਲੱਖਾ ਹਾਜੀ, ਨਿਆਜੀਆਂ, ਕਾਕੜ ਪਿੰਡਾਂ ਵਿਚੋਂ ਹੁੰਦਾ ਹੋਇਆ ਸ਼ਾਮ ਨੂੰ ਗੁਰਦੁਆਰਾ ਠਾਠ ਨਾਨਕਸਰ ਪਹੁੰਚੇਗਾ ਅਤੇ ਸ਼ਾਮ ਦਾ ਲੰਗਰ ਨਾਨਕਸਰ ਢਾਣੀਆਂ ਵੱਲੋਂ ਹੋਵੇਗਾ ਅਤੇ ਬਾਅਦ ਵਿਚ ਸ਼ਾਮ ਨੂੰ ਸਮਾਪਤੀ ਦੀ ਅਰਦਾਸ ਹੋਵੇਗੀ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਗੱਤਕਾ ਪਾਰਟੀ ਵੱਲੋਂ ਆਪਣੀ ਕਲਾਂ ਦੇ ਜ਼ੌਹਰ ਵਿਖਾਏ ਜਾਣਗੇ ਅਤੇ ਬੈਂਡ ਪਾਰਟੀ ਵੀ ਆਪਣੀ ਕਲਾਂ ਦੇ ਜ਼ੌਹਰ ਵਿਖਾਏਗੀ ਅਤੇ ਕੋਈ ਵੀ ਸੱਜਣ ਲੰਡੇ ਟਰੈਕਟਰ ਅਤੇ ਮੋਟਰ ਸਾਈਕਲ ਨਗਰ ਕੀਰਤਨ ਵਿਚ ਨਾ ਲੈ ਕੇ ਚਲੇ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਸਮੂਹ ਇਲਾਕੇ ਭਰ ਦੀਆਂ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਗੁਰੂ ਦੇ ਬਖਸ਼ਿਸ਼ ਆਪਣੇ—ਆਪਣੇ ਸਾਧਨ ਕਾਰਾਂ, ਜੀਪਾਂ, ਟਰੈਕਟਰ, ਟਰਾਲੀਆਂ, ਬੱਸਾਂ ਲੈ ਕੇ ਭਾਰੀ ਗਿਣਤੀ ਵਿਚ ਪਹੁੰਚਣ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਅੱਗੇ ਦੱਸਿਆ ਕਿ ਧੰਨ—ਧੰਨ ਸ੍ਰੀ ਗੁਰੂ ਹਰਿ ਰਾਇ ਸਾਹਿਬ ਜੀ ਦੇ ਅਵਤਾਰ ਗੁਰਪੁਰਬ ਨੂੰ ਸਮਰਪਿਤ ਅਤੇ ਧੰਨ—ਧੰਨ ਬਾਬਾ ਕੁੰਦਨ ਸਿੰਘ ਜੀ ਦੇ 100 ਸਾਲਾ ਸ਼ਤਾਬਦੀ ਨੂੰ ਸਮਰਪਿਤ ਅਤੇ ਧੰਨ—ਧੰਨ ਬਾਬਾ ਕੁੰਦਨ ਸਿੰਘ ਜੀ ਦੀ ਪਵਿੱਤਰ ਬਰਸੀ ਅਤੇ ਮਾਘ ਮਹੀਨੇ ਨੂੰ ਸਮਰਪਿਤ ਸਲਾਨਾ ਮਹਾਨ ਗੁਰਮਤਿ ਸੰਤ ਸਮਾਗਮ ਜੋ ਕਿ 14 ਫਰਵਰੀ (3 ਫੱਗਣ) 2025 ਦਿਨ ਸ਼ੁਕਰਵਾਰ ਨੂੰ ਕਰਵਾਏ ਜਾ ਰਹੇ ਹਨ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠਾਂ ਦੀ ਇਕੋਤਰੀ ਦੇ ਭੋਗ ਪਾਏ ਜਾਣਗੇ, ਭੋਗ ਉਪਰੰਤ ਕੀਰਤਨ ਦਰਬਾਰ ਸਜਾਏ ਜਾਣਗੇ, ਜੋ ਕਿ 10 ਵਜੇ ਤੋਂ 4 ਵਜੇ ਤੱਕ ਸਜੇਗਾ, ਜਿਸ ਵਿਚ ਸੰਤ ਮਹਾਂਪੁਰਸ਼, ਗੁਣੀ ਗਿਆਨੀ, ਵਿਦਵਾਨ, ਕਥਾਵਾਚਕ, ਰਾਗੀ, ਢਾਡੀ ਸੰਗਤਾਂ ਨੂੰ ਗੁਰ ਇਤਿਹਾਸ ਸੁਣਾ ਕੇ ਨਿਹਾਲ ਕਰਨਗੇ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਅੱਗੇ ਦੱਸਿਆ ਕਿ 12 ਵਜੇ ਅੰਮ੍ਰਿਤ ਸੰਚਾਰ ਹੋਵੇਗਾ ਅਤੇ ਇਸ ਮੌਕੇ ਤੇ ਵਿਸ਼ੇਸ਼ ਤੌਰ ਤੇ ਸਿੰਘ ਸਾਹਿਬ ਗਿਆਨੀ ਰਘੁਬੀਰ ਸਿੰਘ ਜੀ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਪਹੁੰਚ ਕੇ ਸੰਗਤਾਂ ਵਿਚ ਆਪਣੀ ਹਾਜ਼ਰੀ ਲੁਆਉਣਗੇ। ਇਸ ਤੋਂ ਇਲਾਵਾ ਮੌਜੂਦਾ ਮਹਾਂਪੁਰਸ਼ ਸ੍ਰੀਮਾਨ ਸੰਤ ਬਾਬਾ ਗੁਰਜੀਤ ਸਿੰਘ, ਸ੍ਰੀਮਾਨ ਸੰਤ ਬਾਬਾ ਗੁਰਚਰਨ ਸਿੰਘ ਨਾਨਕਸਰ ਕਲੇਰਾਂ ਵਾਲੇ, ਸ੍ਰੀਮਾਨ ਸੰਤ ਬਾਬਾ ਸੁਖਦੇਵ ਸਿੰਘ ਭੁਚੋ ਸਾਹਿਬ ਵਿਸ਼ੇਸ਼ ਤੌਰ ਤੇ ਪਹੁੰਚ ਕੇ ਸੰਗਤਾਂ ਵਿਚ ਆਪਣੀ ਹਾਜ਼ਰੀ ਲੁਆਉਣਗੇ। ਇਸ ਤੋਂ ਇਲਾਵਾ ਭਾਰੀ ਗਿਣਤੀ ਵਿਚ ਸੰਤ ਮਹਾਂਪੁਰਸ਼ ਪਹੁੰਚ ਰਹੇ ਹਨ, ਜਿਨ੍ਹਾਂ ਵਿਚ ਸ੍ਰੀਮਾਨ ਸੰਤ ਬਾਬਾ ਅਵਤਾਰ ਸਿੰਘ ਦਲ ਪੰਥ ਬਾਬਾ ਬਿਧੀ ਚੰਦ ਛੀਨਾ ਗੁਰੂ ਦਾ ਸੀਨਾ, ਸੰਤ ਬਾਬਾ ਸੇਵਾ ਸਿੰਘ ਨਾਨਕਸਰ, ਸੰਤ ਬਾਬਾ ਬਲਜੀਤ ਸਿੰਘ ਨਾਨਕਸਰ ਸ਼ੇਰ ਮੁਹੰਮਦ ਵਾਲੇ, ਸੰਤ ਬਾਬਾ ਹਰੀ ਸਿੰਘ ਜ਼ੀਰੇ ਵਾਲੇ, ਸੰਤ ਬਾਬਾ ਹਰੀ ਸਿੰਘ ਹਰੀਕੇ ਪੱਤਨ ਵਾਲੇ, ਸੰਤ ਬਾਬਾ ਲਖਬੀਰ ਸਿੰਘ ਨਾਨਕਸਰ ਵੜੈਚ, ਭਾਈ ਸਾਹਿਬ ਭਾਈ ਸੁਖਦੇਵ ਸਿੰਘ ਮੁੱਖ ਬੁਲਾਰਾ ਦਮਦਮੀ ਟਕਸਾਲ, ਭਾਈ ਸਾਹਿਬ ਭਾਈ ਅਮਨਦੀਪ ਸਿੰਘ ਸ੍ਰੀ ਅੰਮ੍ਰਿਤਸਰ ਸਾਹਿਬ ਬੀਬੀ ਕੌਲਾ, ਬਾਬਾ ਤਜਿੰਦਰ ਸਿੰਘ ਜਿੰਦੂ ਨਾਨਕਸਰ ਕਲੇਰਾਂ ਵਾਲੇ, ਭਾਈ ਹਰਪ੍ਰੀਤ ਸਿੰਘ ਮਨੀ ਹਜ਼ੂਰੀ ਰਾਗੀ ਭੁਚੋ ਸਾਹਿਬ, ਬਾਬਾ ਨਾਨਕ ਸਿੰਘ ਮੰਦਰ ਮੁਹਾਰ ਵਾਲੇ, ਬਾਬਾ ਸ਼ੇਰੂ ਸਿੰਘ ਨਾਨਕਸਰ ਮਸੀਤਾਂ ਵਾਲੇ, ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲੇ, ਭਾਈ ਸਰਬਜੀਤ ਸਿੰਘ ਗੁਰਦੁਆਰਾ ਜਾਮਨੀ ਸਾਹਿਬ, ਮਾਤਾ ਵਿਪਨਪ੍ਰੀਤ ਕੌਰ ਕੀਰਤਨ ਜਥਾ ਲੁਧਿਆਣੇ ਵਾਲੇ, ਸੰਤ ਬਾਬਾ ਭਗਤ ਮਿਲਖਾ ਸਿੰਘ ਅਰਮਾਨਪੁਰਾ ਵਾਲੇ, ਬਾਬਾ ਗੁਲਾਬ ਸਿੰਘ ਚਮਕੌਰ ਸਾਹਿਬ ਵਾਲੇ, ਬਾਬਾ ਜੁਗਰਾਜ ਸਿੰਘ ਨਾਨਕਸਰ ਵਾਲੇ, ਬਾਬਾ ਦਰਸ਼ਨ ਸਿੰਘ ਬੋਰੀ ਵਾਲੇ, ਬਾਬਾ ਸਤਨਾਮ ਸਿੰਘ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਧਾਰਮਿਕ ਵਿੰਗ, ਗਿਆਨੀ ਬੋਹੜ ਸਿੰਘ ਢਾਡੀ ਜਥਾ ਬਾਰੇਕੇ, ਹਜ਼ੂਰੀ ਰਾਗੀ ਭਾਈ ਗੁਰਮੇਲ ਸਿੰਘ ਅਰਜਨ, ਭਾਈ ਹਰਨਾਮ ਸਿੰਘ, ਭਾਈ ਜ਼ੋਗਾ ਸਿੰਘ, ਭਾਈ ਚੰਨ ਸਿੰਘ, ਭਾਈ ਸੁਖਦੇਵ ਸਿੰਘ ਸੁੱਖਾ, ਭਾਈ ਰਮਨਦੀਪ ਸਿੰਘ, ਗੁਰਦੁਆਰਾ ਠਾਠ ਨਾਨਕਸਰ ਵਾਲਿਆਂ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਰਾਗੀ ਜਥੇ ਪਹੁੰਚ ਰਹੇ ਹਨ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਸਮੂਹ ਸਾਧ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ 12 ਫਰਵਰੀ ਨਗਰ ਕੀਰਤਨ ਅਤੇ 14 ਫਰਵਰੀ ਨੂੰ ਸਲਾਨਾ ਮਹਾਨ ਗੁਰਮਤਿ ਸੰਤ ਸਮਾਗਮ ਵਿਚ ਪਹੁੰਚ ਕੇ ਆਏ ਹੋਏ ਮਹਾਂਪੁਰਸ਼ਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲ ਬਣਾਉ। ਇਸ ਮੌਕੇ ਤੇ ਵੱਖ—ਵੱਖ ਬਿਮਾਰੀਆਂ ਦੇ ਇਲਾਜ ਲਈ ਮੈਡੀਕਲ ਕੈਂਪ ਵੀ ਲਾਏ ਜਾਣਗੇ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਏ ਜਾਣਗੇ।

ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਭਾਈ ਸੁਖਦੇਵ ਸਿੰਘ ਖਾਲਸਾ ਦੇ ਸਤਿਕਾਰਯੋਗ ਪਿਤਾ

# ਜਥੇਦਾਰ ਬਾਪੂ ਗੋਪਾਲ ਸਿੰਘ ਬਾਘੇਵਾਲਾ ਦੀ ਮਿੱਠੀ ਯਾਦ ਵਿਚ ਸਲਾਨਾ ਬਰਸੀ ਮਨਾਈ



ਫ਼ਿਰੋਜ਼ਪੁਰ, 4 ਫਰਵਰੀ (ਮਨੋਹਰ ਲਾਲ) :— ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਭਾਈ ਸੁਖਦੇਵ ਸਿੰਘ ਖਾਲਸਾ ਦੇ ਸਤਿਕਾਰਯੋਗ ਪਿਤਾ ਜਥੇਦਾਰ ਬਾਪੂ ਗੋਪਾਲ ਸਿੰਘ ਪਿੰਡ ਬਾਘੇਵਾਲਾ ਨਜਦੀਕ ਆਰਿਫਕੇ ਜ਼ਿਲ੍ਹਾ ਫ਼ਿਰੋਜ਼ਪੁਰ ਵਿਖੇ ਦਮਦਮੀ ਟਕਸਾਲ ਦੇ ਮੁੱਖ ਸੇਵਾਦਾਰ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲੇ ਪ੍ਰਧਾਨ ਸੰਤ ਸਮਾਜ ਜੀ ਦੀ ਦੇਖ—ਰੇਖ ਹੇਠ ਮਨਾਈ ਗਈ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਜਿਸ ਵਿਚ ਰਾਗੀ, ਢਾਡੀ ਜਥਿਆਂ ਨੇ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਸਿੱਖ ਪੰਥ ਦੀ ਮਹਾਨ ਸਖਸ਼ੀਅਤ ਸੰਤ ਬਾਬਾ ਅਵਤਾਰ ਸਿੰਘ ਧੂਲਕੋਟ ਵਾਲੇ ਮਹਾਂਪੁਰਸ਼ਾਂ ਨੇ ਕਥਾ ਕੀਰਤਨ ਕੀਤਾ। ਸੰਤ ਬਾਬਾ ਅਵਤਾਰ ਸਿੰਘ ਧੂਲਕੋਟ ਨੇ ਕਥਾ ਕੀਰਤਨ ਕਰਦਿਆਂ ਆਖਿਆ ਕਿ ਸਾਨੂੰ ਅੰਮ੍ਰਿਤ ਵੇਲੇ ਉਠ ਕੇ ਗੁਰਬਾਣੀ ਦਾ ਪਾਠ ਕਰਨਾ ਚਾਹੀਦਾ ਹੈ, ਬਾਣੀ ਪੜਨ ਨਾਲ, ਬਾਣੀ ਸੁਨਣ ਨਾਲ ਤੁਹਾਡੇ ਸਾਰੇ ਦੁੱਖ ਦੂਰ ਹੁੰਦੇ ਹਨ, ਸਾਨੂੰ ਮੜੀਆਂ ਮਸਾਨਿਆਂ ਤੇ ਮੱਥਾ ਟੇਕਣ ਦੀ ਬਜਾਏ ਕੇਵਲ ਤੇ ਕੇਵਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਉਟ ਆਸਰਾ ਲੈਣਾ ਚਾਹੀਦਾ ਹੈ। ਸਾਨੂੰ ਮੋਹ ਮਾਇਆ, ਕਾਮ ਕਰੋਧ ਮੋਹ ਲੋਭ ਹੰਕਾਰ ਤੋਂ ਦੂਰ ਰਹਿ ਕੇ ਆਪਣਾ ਜੀਵਨ ਬਸਰ ਕਰਨਾ ਚਾਹੀਦਾ ਹੈ, ਪਰ ਅੱਜ ਕੱਲ ਕਈ ਮਨੁੱਖਾਂ ਨੂੰ ਚਾਰ ਨਸ਼ੇ ਲੱਗੇ ਹੋਏ ਹਨ ਜਵਾਨੀ ਦਾ ਨਸ਼ਾ, ਚੋਧਰ ਦਾ ਨਸ਼ਾ, ਪਦਾਰਥਾਂ ਦਾ ਨਸ਼ਾ ਆਦਿ ਸਾਡੇ ਜੀਵਨ ਨੂੰ ਬਤਾਹ ਕਰ ਰਹੇ ਹਨ। ਉਨ੍ਹਾਂ ਸੰਤਾਂ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ ਕਿ ਸੰਤ ਬੜੇ ਹੀ ਨਿਰਮਲ ਸੁਭਾਅ ਦੇ ਮਾਲਕ ਹੁੰਦੇ ਹਨ, ਸੰਤਾਂ ਦੀ ਕਦੇ ਨਿੰਦਿਆ ਨਹੀਂ ਕਰਨੀ ਚਾਹੀਦੀ। ਉਨ੍ਹਾਂ ਕਿਹਾ ਕਿ ਸੰਤ ਗਿਆਨੀ ਜਰਨੈਲ ਸਿੰਘ ਭਿੰਡਰਾਂ ਵਾਲਿਆਂ ਦਾ ਸੰਘ ਕਰਨ ਦਾ ਮੌਕਾ ਮਿਲਿਆ, ਜਿਹੜੇ ਕਿ ਹਮੇਸ਼ਾ ਬਾਣੀ ਹੀ ਪੜਦੇ ਰਹਿੰਦੇ ਸਨ, ਇਸ ਮੌਕੇ ਤੇ ਜਥੇਦਾਰ ਭਾਈ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰਾ ਦਮਦਮੀ ਟਕਸਾਲ ਨੇ ਆਏ ਹੋਏ ਸੰਤਾਂ ਮਹਾਂਪੁਰਸ਼ਾਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਤੇ ਜਥੇਦਾਰ ਭਾਈ ਸੁਖਦੇਵ ਸਿੰਘ ਨੇ ਆਏ ਹੋਏ ਸੰਤਾਂ ਮਹਾਂਪੁਰਸ਼ਾਂ ਦਾ ਧੰਨਵਾਦ ਕੀਤਾ ਅਤੇ ਪਤਵੰਤੇ ਸਖਸ਼ੀਅਤਾਂ ਨੂੰ ਸਨਮਾਨਿਤ ਕੀਤਾ। ਜਥੇਦਾਰ ਭਾਈ ਸੁਖਦੇਵ ਸਿੰਘ ਖਾਲਸਾ ਨੇ ਬੋਲਦਿਆਂ ਕਿਹਾ ਕਿ ਸ੍ਰੀ ਹਰਿਮੰਦਰ ਸਾਹਿਬ ਜੀ ਦੀ ਨੀਂਹ ਵੀ ਮੁਸਲਮਾਨ ਨੇ ਰੱਖੀ ਸੀ ਅਤੇ ਉਥੇ ਚਾਰ ਦਰਵਾਜੇ ਹਨ ਯਾਨੀ ਕਿ ਸਭ ਲਈ ਦਰਵਾਜੇ ਖੁੱਲੇ ਹਨ, ਇਸੇ ਤਰ੍ਹਾਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਨੇ ਹਿੰਦੂਆਂ ਲਈ ਆਪਣਾ ਸੀਸ ਦਿੱਤਾ। ਇਸ ਤਰ੍ਹਾਂ ਗੁਰਦਾਸਪੁਰ ਜੇਲ੍ਹ ਵਿਚ ਮਹਾਂਪੁਰਸ਼ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਨੇ ਗੁਰਦੁਆਰਾ ਸਾਹਿਬ ਅਤੇ ਹਿੰਦੂਆਂ ਲਈ ਸ਼ਿਵਾਲਾ ਮੰਦਿਰ ਬਨਗਾਇਆ ਅਤੇ ਮੁਸਲਮਾਨ ਭਰਾਵਾਂ ਲਈ ਮਸੀਤ ਬਨਾਈ ਅਤੇ ਸੰਤ ਜਰਨੈਲ ਸਿੰਘ ਜੀ ਭਿੰਡਰਾਂ ਵਾਲਿਆਂ ਕੋਲ ਕੁਝ ਹਿੰਦੂਆਂ ਨੇ ਦੱਸਿਆ ਕਿ ਸਾਡੀ ਲੜਕੀ ਨੂੰ ਸਹੁਰੇ ਵਾਲੇ ਨਹੀਂ ਵਸਾਉਂਦੇ ਅਤੇ ਦਾਜ ਦੀ ਮੰਗ ਕਰਦੇ ਹਨ ਤਾਂ ਸੰਤਾਂ ਨੇ ਮੁੰਡੇ ਵਾਲਿਆਂ ਨੂੰ ਬੁਲਾਇਆ ਅਤੇ ਕਿਹਾ ਕਿ ਇਹ ਸਾਡੀ ਧੀ ਹੈ ਬੋਲ ਕਿੰਨਾ ਦਾਜ ਚਾਹੀਦਾ ਹੈ ਤਾਂ ਮੁੰਡੇ ਵਾਲੇ ਪੈਰੀ ਡਿੱਗ ਪਏ, ਇਸ ਤਰ੍ਹਾਂ ਅਮਰ ਸ਼ਹੀਦ ਭਾਈ ਅਮਰੀਕ ਸਿੰਘ ਧਰਮ ਯੁੱਧ ਮੋਰਚੇ ਦੌਰਾਨ ਅੰਮ੍ਰਿਤਸਰ ਜੇਲ੍ਹ ਵਿਚ ਬੰਦ ਸੀ, ਜਿਥੇ ਹਜ਼ਾਰਾਂ ਦੀ ਗਿਣਤੀ ਵਿਚ ਸਿੱਖ ਸੰਗਤ ਨੇ ਰੋਜ਼ਾਨਾ ਪਹੁੰਚ ਜਾਣਾ, ਸਾਰਾ ਦਿਨ ਜੇਲ੍ਹ ਦੇ ਬੂਹੇ ਅੱਗੇ ਤਾਂਤਾ ਲਗਾ ਰਹਿਣਾ, ਅੰਮ੍ਰਿਤਸਰ ਜੇਲ੍ਹ ਪ੍ਰਸ਼ਾਸਨ ਤੰਗ ਆ ਕੇ ਉਨ੍ਹਾਂ ਨੂੰ ਗੁਰਦਾਸਪੁਰ ਜੇਲ੍ਹ ਵਿਚ ਲਿਆਂਦਾ, ਜਿਥੇ ਗੁਰਦੁਆਰਾ ਸਾਹਿਬ ਦੀ ਹਾਲਤ ਖਸਤਾ ਸੀ ਅਤੇ ਸੰਗਤ ਨੂੰ ਕਿਹਾ ਤਾਂ ਗੁਰਦੁਆਰਾ ਸਾਹਿਬ ਨਵਾਂ ਬਣਵਾ ਦਿੱਤਾ, ਉਥੇ ਹਿੰਦੂ ਵੀਰਾਂ ਨੇ ਵੀ ਭਾਈ ਅਮਰੀਕ ਸਿੰਘ ਨੂੰ ਕਿਹਾ ਕਿ ਸਾਡਾ ਸ਼ਿਵਾਲਾ ਮੰਦਿਰ ਬਣਵਾ ਦਿਉ ਤਾਂ ਉਨ੍ਹਾਂ ਸੰਤ ਜਰਨੈਨ ਸਿੰਘ ਭਿੰਡਰਾਂ ਵਾਲਿਆਂ ਨਾਲ ਗੱਲਬਾਤ ਕੀਤੀ ਤਾਂ ਸੰਤਾਂ ਨੇ ਆਪਣੇ ਖੀਸੇ ਵਿਚੋਂ 5 ਹਜ਼ਾਰ ਰੁਪਏ ਕੱਢ ਕੇ ਦਿੱਤੇ ਅਤੇ ਕਿਹਾ ਕਿ ਕਾਰ ਸੇਵਾ ਸ਼ੁਰੂ ਕਰੋ, ਅੱਜ ਕੁਝ ਲੋਕ ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਭਿੰਡਰਾਂ ਵਾਲਿਆਂ ਵੱਲੋਂ ਕੁੰਭ ਮੇਲੇ ਤੇ ਪੁਰਾਤਣ ਉਦਾਸੀ ਨਿਰਮਲ ਸਿੱਖ ਸੰਪ੍ਰਦਾਵਾਂ ਦੇ ਅਖਾੜਿਆਂ ਤੇ ਜਾਣ ਕਾਰਨ ਜੋ ਹਾਲ ਦੁਹਾਈ ਪਾਈ ਹੈ, ਉਨ੍ਹਾਂ ਨੂੰ ਸਪਸ਼ ਟਕਰ ਦੇਈਏ, ਸੰਤ ਭਿੰਡਰਾਂ ਵਾਲੇ ਦਮਦਮੀ ਟਕਸਾਲ ਹਿੰਦੂ ਵਿਰੋਧੀ ਕਦਾਚਿਤ ਵੀ ਨਹੀਂ ਸਨ, ਸੰਤਾਂ ਦਾ ਸੰਘਰਸ਼ ਪੰਜਾਬ ਦੇ ਹੱਕਾਂ ਹਿੱਤਾਂ ਖਾਤਰ ਨਿਰੋਲ ਰਾਜਸੀ ਘੋਲ ਸੀ। ਜਿਸ ਵਿਚ ਸਿੱਖ ਰਾਜਨੀਤਕਾਂ ਵੱਲੋਂ ਕੀਤੀਆਂ ਗਦਾਰੀਆਂ ਕਾਰਨ ਪੰਥ ਵਿਰੋਧੀ ਤਾਕਤਾਂ ਵੱਲੋਂ ਸੰਤਾਂ ਨੂੰ ਧਾਰਮਿਕ ਤੌਰ ਤੇ ਕੂੜ ਪ੍ਰਚਾਰ ਕਰਕੇ ਹਿੰਤੂ ਵਿਰੋਧੀ ਪੇਸ਼ ਕੀਤਾ ਗਿਆ ਸੀ। ਸਾਨੂੰ ਇਨ੍ਹਾਂ ਕੂੜ ਪ੍ਰਚਾਰ ਤੋਂ ਬਚਣ ਦੀ ਲੋੜ ਹੈ, ਦਮਦਮੀ ਟਕਸਾਲ ਦੇ ਮੁਖੀ ਮਹਾਂਪੁਰਸ਼ ਸੰਤ ਗਿਆਨੀ ਹਰਨਾਮ ਸਿੰਘ ਭਿੰਡਰਾਂ ਵਾਲੇ ਜੇਕਰ ਨਦੀ ਤੇ ਇਸ਼ਨਾਨ ਕਰ ਲਿਆ ਜਾਂ ਭੁਖਿਆਂ ਨੂੰ ਲੰਗਰ ਵਰਤਾ ਦਿੱਤਾ ਤੇ ਕੀ ਆਖਿਰ ਆ ਗਈ। ਇਸ ਮੌਕੇ ਤੇ ਬਾਪੂ ਗੋਪਾਲ ਸਿੰਘ ਜੀ ਦਾ ਸਮੂਹ ਪਰਿਵਾਰ ਵੀ ਹਾਜ਼ਰ ਸਨ, ਤੋਂ ਇਲਾਵਾ ਦਮਦਮੀ ਟਕਸਾਲ ਦੇ ਭਾਈ ਰਛਪਾਲ ਸਿੰਘ ਝੋਕ ਮੋਹੜੇ, ਜਥੇਦਾਰ ਜੱਜ ਸਿੰਘ ਦਮਦਮੀ ਟਕਸਾਲ, ਭਾਈ ਮੋਹਿਤ ਸਿੰਘ ਦਮਦਮੀ ਟਕਸਾਲ ਤੋਂ ਇਲਾਵਾ ਪਿੰਡਾਂ ਦੇ ਪੰਚ, ਸਰਪੰਚ ਵੀ ਮੌਜੂਦ ਸੀ। ਇਸ ਤੋਂ ਇਲਾਵਾ ਸੰਤ ਬਾਬਾ ਭਗਤ ਮਿਲਖਾ ਸਿੰਘ, ਸ਼ਹੀਦ ਭਾਈ ਰਸਾਲ ਸਿੰਘ ਆਰਿਫਕੇ ਦੇ ਪੋਤਰੇ ਭਾਈ ਹਰਮਨ ਸਿੰਘ, ਜਥੇਦਾਰ ਬਾਪੂ ਜੰਗੀਰ ਸਿੰਘ ਤੋਂ ਇਲਾਵਾ ਹੋਰ ਵੀ ਬਹੁਤ ਸਾਰੀਆਂ ਸਿੱਖ ਪੰਥ ਦੀਆਂ ਹਸਤੀਆਂ ਹਾਜ਼ਰ ਸਨ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਸੂ: ਜਥੇਦਾਰ ਬਲਵਿੰਦਰ ਸਿੰਘ ਦੀ ਯਾਦ ਚ ਪਹਿਲੀ ਬਰਸੀ ਨੂੰ ਸਮਰਪਿਤ ਪਿੰਡ ਧੂਲਕਾ ਵਿਖੇ ਕਬੱਡੀ ਟੂਰਨਾਮੈਂਟ 9 ਫਰਵਰੀ ਨੂੰ

## ਪਹਿਲਾ 51 ਹਜ਼ਾਰ ਰੁ: ਦੂਜਾ ਦਰਜਾ ਹਾਸਲ ਕਰਨ ਵਾਲੀ ਟੀਮ ਨੂੰ 41 ਹਜ਼ਾਰ ਰੁਪਏ ਨਾਲ ਸਨਮਾਨਿਤ ਕੀਤਾ ਜਾਵੇਗਾ-ਐਡਵੋਕੇਟ ਬਲਰਾਜ ਸਿੰਘ




ਜੰਡਿਆਲਾ ਗੁਰੂ, 4 ਫਰਵਰੀ ( ਕੁਲਵੰਤ ਸਿੰਘ ਵਿਰਦੀ)-ਜੰਡਿਆਲਾ ਗੁਰੂ ਤੋਂ ਥੋੜੀ ਦੂਰੀ ਤੇ ਸਥਿਤ ਵਸੇ ਪਿੰਡ ਧੂਲਕਾ ਦੇ ਵਸਨੀਕ ਸਵਰਗਵਾਸੀ ਜਥੇਦਾਰ ਬਲਵਿੰਦਰ ਸਿੰਘ ਜੀ ਦੀ ਯਾਦ ਨੂੰ ਸਮਰਪਿਤ ਪਹਿਲਾਂ ਕਬੱਡੀ ਟੂਰਨਾਮੈਂਟ 9 ਫਰਵਰੀ ਦਿਨ ਐਤਵਾਰ ਨੂੰ ਸਰਕਾਰੀ ਸਕੂਲ ਪਿੰਡ ਧੂਲਕਾ ਦੀ ਗਰਾਊਂਡ ਵਿੱਚ ਕਰਵਾਇਆ ਜਾ ਰਿਹਾ ਹੈ ਇਸ ਸਬੰਧੀ ਜਾਣਕਾਰੀ ਦਿੰਦਿਆਂ ਹੋਇਆਂ ਸ੍ਰ ਬਲਵਿੰਦਰ ਸਿੰਘ ਜੀ ਦੇ ਸਪੁੱਤਰ ਐਡਵੋਕੇਟ ਸ੍ ਬਲਰਾਜ ਸਿੰਘ ਨੇ ਦੱਸਿਆ ਕਿ ਇਹ ਟੂਰਨਾਮੈਂਟ ਅਸੀਂ ਆਪਣੇ ਪਿਤਾ ਜੀ ਦੀ ਯਾਦ ਵਿੱਚ ਪਹਿਲਾਂ ਕਬੱਡੀ ਟੂਰਨਾਮੈਂਟ ਪੂਰੇ ਪਿੰਡ ਦੇ ਅਤੇ ਐਨ. ਆਰ. ਆਈ. ਵੀਰਾਂ ਦੇ ਸਹਿਯੋਗ ਨਾਲ ਕਰਵਾ ਰਹੇ ਹਾਂ ਉਹਨਾਂ ਦੱਸਿਆ ਕਿ ਇਸ ਕਬੱਡੀ ਟੂਰਨਾਮੈਂਟ ਵਿੱਚੋਂ ਪਹਿਲੇ ਨੰਬਰ ਤੇ ਆਉਣ ਵਾਲੀ ਟੀਮ ਨੂੰ 51000, ਹਜ਼ਾਰ ਰੁਪਏ ਅਤੇ ਦੁਸਰੇ ਨੰਬਰ ਤੇ ਆਉਣ ਵਾਲੀ ਟੀਮ ਨੂੰ 41000, ਹਜ਼ਾਰ ਰੁਪਏ ਇਨਾਮ ਦਿੱਤੇ ਜਾਣਗੇ ਇਸ ਟੂਰਨਾਮੈਂਟ ਵਿੱਚ ਬੱਚਿਆਂ ਦਾ ਮੈਚ ਵੀ ਕਰਵਾਇਆ ਜਾਵੇਗਾ ਜਿਸ ਵਿਚ ਐਕਸਨ ਵਾਲ਼ੀ ਟੀਮ, ਬਾਬਾ ਸਾਹਿਬ ਸਿੰਘ ਕਬੱਡੀ ਕਲੱਬ ਜੰਡ ਕਬੱਡੀ ਕਲੱਬ ਨੋਰਵੇ, ਧੰਨ ਧੰਨ ਬਾਬਾ ਈਸ਼ਰ ਦਾਸ ਜੀ ਕਬੱਡੀ ਕਲੱਬ ਪਿੰਡ ਧੂਲਕਾ, ਧੰਨ ਧੰਨ ਬਾਬਾ ਜੀਵਨ ਸਿੰਘ ਜੀ ਕਬੱਡੀ ਕਲੱਬ ਧਰਦਿਉ ਆਦਿ ਟੀਮਾਂ ਹਿੱਸਾ ਲੈਣਗੀਆਂ ਇਸ ਤੋਂ ਇਲਾਵਾ ਬਾਬਾ ਜੁਗਰਾਜ ਸਿੰਘ ਤੂਫਾਨ ਕਬੱਡੀ ਕਲੱਬ ਅਤੇ ਗੁਰੂ ਗੋਬਿੰਦ ਸਿੰਘ ਜੀ ਕਬੱਡੀ ਕਲੱਬ ਮਾਛੀਵਾੜਾ ਸਾਹਿਬ ਕਲੱਬਾਂ ਤੋ ਵੀ ਟੀਮਾਂ ਸ਼ਿਰਕਤ ਕਰਨਗੀਆਂ ਇਸ ਤੋਂ ਇਲਾਵਾ ਕੁੜੀਆਂ ਦੀ ਟੀਮ ਬਾਬਾ ਸਾਹਿਬ ਸਿੰਘ ਕਬੱਡੀ ਕਲੱਬ ਨੋਰਵੇ ਅਤੇ ਬਾਬਾ ਦਰਸ਼ਨ ਸਿੰਘ ਜੀ ਕਬੱਡੀ ਕਲੱਬ ਸੋਹੀਆਂ ਕਲਾਂ ਆਦਿ ਟੀਮਾਂ ਵੀ ਹਾਜ਼ਿਰ ਹੋਣਗੀਆਂ ਇਸ ਤੋਂ ਇਲਾਵਾ ਬੱਚਿਆਂ ਦੀਆਂ ਖੋ ਖੋ ਦੀਆਂ ਗੇਮਾ ਵੀ ਕਰਵਾਈਆਂ ਜਾਣਗੀਆਂ ਇਸ ਮੌਕੇ ਜੁਗਰਾਜ ਸਿੰਘ ਧੂਲਕਾ, ਵਰਿੰਦਰ ਸਿੰਘ ਮਿਡੂ, ਸਰਪੰਚ ਧੂਲਕਾ ਕੈਪਟਨ ਕੁਨਣ ਸਿੰਘ,ਸ ਸੁਰਜੀਤ ਸਿੰਘ ਸਾਹ, ਜੁਗਰਾਜ ਸਿੰਘ ਪਾਠੀ,ਗੋਪੀ ਸਾਹ, ਕੈਪਟਨ ਸਿੰਘ ਕਨੇਡਾ ਰਣਜੀਤ ਸਿੰਘ ਰਾਣਾ ਸਰਬਜੀਤ ਸਿੰਘ, ਪ੍ਰਗਟ ਸਿੰਘ ਫੋਜੀ, ਗੁਰਪ੍ਰਤਾਪ ਸਿੰਘ ਬਾਊ, ਦਿਲਰਾਜ ਸਿੰਘ ਚੇਅਰਮੈਨ ਗੁਰਪ੍ਰਤਾਪ ਬੰਟੀ ਆਦਿ ਸਹਿਯੋਗੀ ਸੱਜਣ ਆਦਿ ਹਾਜ਼ਿਰ ਸਨ 9

# ਅਕਾਲ ਅਕੈਡਮੀ ਦਿਆਲਪੁਰ ਮਿਰਜਾ ਵਿਖੇ ਨਸ਼ੇ ਪ੍ਰਤੀ ਜਾਗਰੂਕਤਾ ਮੁਹਿੰਮ ਦੇ ਤਹਿਤ ਵਰਕਸ਼ਾਪ ਆਯੋਜਿਤ



ਤਲਵੰਡੀ ਸਾਬੋ, 04 ਫਰਵਰੀ (ਗੁਰਜੰਟ ਸਿੰਘ ਨਥੇਹਾ)- ਬੜੂ ਸਾਹਿਬ ਵਿਦਿਅਕ ਸੰਸਥਾ ਦੇ ਅਧੀਨ ਚੱਲ ਰਹੀ ਅਕਾਲ ਅਕੈਡਮੀ ਦਿਆਲਪੁਰਾ ਮਿਰਜਾ ਵਿਚ ਨਸ਼ੇ ਪ੍ਰਤੀ ਜਾਗਰੂਕਤਾ ਮੁਹਿੰਮ ਦੇ ਤਹਿਤ ਇੱਕ ਮਹੱਤਵਪੂਰਣ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ ਜਿਸਦੇ ਵਿੱਚ ਪੰਜਾਬ ਅਤੇ ਭਾਰਤ ਦੇ ਵਿੱਚ ਨਸ਼ਿਆਂ ਦੇ ਵੱਧਦੇ ਕਹਿਰ ਨੂੰ ਠੱਲ੍ਹ ਪਾਉਣ ਲਈ ਜਾਗਰੂਕ ਕੀਤਾ ਗਿਆ। ਨਸ਼ਾ ਜਾਗਰੂਕਤਾ ਵਰਕਸ਼ਾਪ ਵਿੱਚ ਲਗਭਗ 250 ਬੱਚਿਆਂ ਅਤੇ ਉਨ੍ਹਾਂ ਦੇ ਮਾਤਾ-ਪਿਤਾ ਅਤੇ ਵੱਖ-ਵੱਖ ਸਕੂਲਾਂ ਤੋਂ ਆਏ ਪਤਵੰਤੇ ਸੱਜਣਾਂ ਨੇ ਸ਼ਿਰਕਤ ਕੀਤੀ। ਇਸ ਨਸ਼ੇ ਪ੍ਰਤੀ ਜਾਗਰੂਕਤਾ ਮੁਹਿੰਮ ਵਿੱਚ ਬੜੂ ਸਾਹਿਬ ਤੋਂ ਆਏ ਨਸ਼ੇ ਪ੍ਰਤੀ ਜਾਗਰੂਕਤਾ ਮੁਹਿੰਮ ਦੇ ਮੈਂਬਰਾਂ ਨੇ ਪਤਵੰਤੇ ਸੱਜਣਾਂ ਅਤੇ ਬੱਚਿਆਂ ਦੇ ਮਾਤਾ-ਪਿਤਾ ਨੂੰ ਨਸ਼ਿਆਂ ਦੇ ਸਮਾਜ 'ਤੇ ਅਸਰ ਅਤੇ ਉਸਦੇ ਨਕਾਰਾਤਮਕ ਪ੍ਰਭਾਵਾਂ ਬਾਰੇ ਵਿਆਖਿਆ ਕੀਤੀ। ਇਸ ਵਰਕਸ਼ਾਪ ਦਾ ਮਕਸਦ ਪੰਜਾਬ ਅਤੇ ਭਾਰਤ ਵਿੱਚ ਨਸ਼ੇ ਦੇ ਵੱਧਦੇ ਹੋਏ ਕਹਿਰ ਨੂੰ ਰੋਕਣ ਲਈ ਲੋਕਾਂ ਨੂੰ ਜਾਗਰੂਕ ਕਰਨਾ ਸੀ। ਇਸ ਨਸ਼ਾ ਰੋਕੂ ਜਾਗਰੂਕਤਾ ਕੈਂਪ ਵਿੱਚ ਅਕਾਲ ਅਕੈਡਮੀ ਦਿਆਲਪੁਰਾ ਮਿਰਜਾ ਦੇ ਵਿਦਿਆਰਥੀਆਂ ਤੋਂ ਇਲਾਵਾ ਉਨ੍ਹਾਂ ਦੇ ਮਾਤਾ-ਪਿਤਾ, ਵੱਖ-ਵੱਖ ਪਿੰਡਾਂ ਤੋਂ ਆਏ ਸਰਪੰਚ ਅਤੇ ਪੰਚਾਇਤ ਮੈਂਬਰਾਂ ਨੇ ਹਿੱਸਾ ਲਿਆ। ਵਰਕਸ਼ਾਪ ਵਿੱਚ ਆਏ ਹੋਏ ਪਤਵੰਤਿਆਂ ਨੂੰ ਉੱਚ-ਕੋਟੀ ਦੀਆਂ ਧਾਰਮਿਕ ਸ਼ਖ਼ਸੀਅਤਾਂ ਦੀਆਂ ਨਸ਼ੇ ਨਾਲ ਸਬੰਧਿਤ ਜਾਗਰੂਕਤਾ ਵੀਡੀਓ ਅਤੇ ਟੈਲੀਫਿਲਮਾਂ ਦਿਖਾਈਆਂ ਗਈਆਂ, ਜਿਨ੍ਹਾਂ ਨੇ ਨਸ਼ੇ ਦੇ ਨੁਕਸਾਨਾਂ ਬਾਰੇ ਉਨ੍ਹਾਂ ਨੂੰ ਜਾਣੂ ਕਰਵਾਇਆ।ਅੰਤ ਵਿਚ ਅਕਾਲ ਅਕੈਡਮੀ ਦੇ ਪ੍ਰਿੰਸੀਪਲ ਸ਼੍ਰੀਮਤੀ ਰਮਨਜੀਤ ਕੌਰ ਨੇ ਵਿਦਿਆਰਥੀਆਂ ਨੂੰ ਸੰਬੋਧਿਤ ਕਰਦਿਆਂ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਅਤੇ ਉਨ੍ਹਾਂ ਨੂੰ ਨਸ਼ਿਆਂ ਦੇ ਵਧਣ ਦੇ ਕੇਸਾਂ ਦੇ ਭੂਗੋਲਿਕ ਕਾਰਨਾਂ, ਨਸ਼ੇ ਦੇ ਆਦੀ ਵਿਅਕਤੀਆਂ ਲਈ ਡਾਕਟਰੀ ਸਹੂਲਤਾਂ ਦੀ ਘਾਟ ਬਾਰੇ ਦੱਸਿਆ। ਇਸ ਮੌਕੇ 'ਤੇ ਦਿਆਲਪੁਰਾ ਮਿਰਜਾ ਦੇ ਸਰਪੰਚ ਗੁਰਸੇਵਕ ਸਿੰਘ, ਗੁਮਟੀ ਕਲਾਂ ਦੇ ਸਰਪੰਚ ਰਵੀ ਕੁਮਾਰ, ਅਤੇ ਹੋਰ ਪੰਚਾਇਤ ਮੈਂਬਰਾਂ ਨੇ ਵਰਕਸ਼ਾਪ ਵਿੱਚ ਸ਼ਿਰਕਤ ਕੀਤੀ ਅਤੇ ਬੜੂ ਸਾਹਿਬ ਵੱਲੋਂ ਚਲਾਈ ਇਸ ਨਸ਼ਾ ਰੋਕੂ ਮੁਹਿੰਮ ਦੇ ਇਸ ਅਹਿਮ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਅਕਾਲੀ ਦਲ ਵਾਰਿਸ ਪੰਜਾਬ ਦੇ ਮੂਲ ਪੰਥਕ ਸਿਧਾਂਤਾਂ 'ਤੇ ਚਲਦਿਆਂ

# ਸਾਰੇ ਵਰਗਾਂ ਨੂੰ ਨਾਲ ਲੈ ਕੇ ਚੱਲੇਗਾ : ਬਾਪੂ ਤਰਸੇਮ ਸਿੰਘ







**ਅੰਮ੍ਰਿਤਸਰ, 4 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਅੱਜ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਬਾਪੂ ਤਰਸੇਮ ਸਿੰਘ ਜੀ ਦੀ ਅਗਵਾਈ ਵਿੱਚ ਪੰਥਕ ਮਸਲਿਆਂ ਤੇ ਗੰਭੀਰ ਚਿੰਤਾ ਵਿਆਕਤ ਕਰਦੇ ਹੋਏ ਇੱਕ ਹੰਗਾਮੀ ਮੀਟਿੰਗ ਪਿੰਡ ਜੱਲੂਪੁਰ ਵਿਖੇ ਕੀਤੀ ਗਈ। ਇਸ ਮੀਟਿੰਗ ਵਿੱਚ ਪਾਰਟੀ ਦੇ ਸੀਨੀਅਰ ਆਗੂਆਂ, ਵਿਦਵਾਨਾਂ, ਪੰਥਕ ਹਸਤੀਆਂ ਅਤੇ ਪੁਰਾਣੇ ਫੈਡਰੇਸ਼ਨ ਆਗੂਆਂ ਨੇ ਸ਼ਿਰਕਤ ਕੀਤੀ। ਜਿੰਨਾਂ ਵਿੱਚ ਮੁੱਖ ਤੌਰ ਇੰਜ਼ .ਸਰਬਜੀਤ ਸਿੰਘ ਸੋਹਲ (ਮੈਂਬਰ ਸੰਵਿਧਾਨਿਕ ਕਮੇਟੀ),ਬਾਬਾਂ ਮਨਮੋਹਣ ਸਿੰਘ ਬਾਰਨਵਾਲੇ,ਬਾਬਾ ਮੁਖਵਿੰਦਰ ਸਿੰਘ ਮੁੱਖੀ (ਦਮਦਮੀ ਟਕਸਾਲ), ਭਾਈ ਪਰਮਜੀਤ ਸਿੰਘ ਜੌਹਲ, ਭਾਈ ਪਲਵਿੰਦਰ ਸਿੰਘ ਜੀ, ਮਾਸਟਰ ਪਲਵਿੰਦਰ ਸਿੰਘ ਜੀ, ਭਾਈ ਅਵਤਾਰ ਸਿੰਘ ਬੋਪਾਰਾਏ, ਭਾਈ ਭੁਪਿੰਦਰ ਸਿੰਘ ਗੱਦਲੀ, ਭਾਈ ਸ਼ਮਸ਼ੇਰ ਸਿੰਘ ਜੀ ਪੱਧਰੀ, ਭਾਈ ਪਲਵਿੰਦਰ ਸਿੰਘ ਜੀ, ਜਸਵਿੰਦਰ ਸਿੰਘ ਡਰੌਲੀ। ਹਰਪ੍ਰੀਤ ਸਿੰਘ ਚੰਡੀਗੜ੍ਹ (ਮੈਂਬਰ ਭਰਤੀ ਕਮੇਟੀ), ਡਾ .ਲਖਵਿੰਦਰ ਸਿੰਘ ਢਿੰਗਨੰਗਲ, ਜਸਬੀਰ ਸਿੰਘ ਕੌਨਸਲਰ ਰਾਜਪੁਰਾ, ਰਣਜੀਤ ਸਿੰਘ ਤਲਵੰਡੀ, ਅਮਰੀਕ ਸਿੰਘ ਖਾਲਸਾ ਪਹਾੜਪੁਰ, ਮਨਜੀਤ ਸਿੰਘ ਮੋਹਾਲੀ, ਜਸ਼ਨ ਸਿੰਘ ਸੰਧੂ, ਮਨਿੰਦਰ ਸਿੰਘ ਧੁਨਾਂ, ਕੁਲਬੀਰ ਸਿੰਘ ਗੰਡੀਵਿੰਡ ਸ਼ਾਮਿਲ ਹੋਏ। ਮੀਟਿੰਗ ਦੌਰਾਨ ਸਿੱਖ ਸਿਧਾਂਤਾਂ, ਗੁਰਦੁਆਰਾ ਪ੍ਰਬੰਧ, ਅਤੇ ਪੰਜਾਬ ਨਾਲ ਜੁੜੀਆਂ ਚੁਣੌਤੀਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਸ੍ਰੀ ਅੰਮ੍ਰਿਤਸਰ ਸਾਹਿਬ ਤੋ ਮੁੱਖ ਪੰਜ ਮੈਂਬਰੀ ਕਾਰਜਕਾਰੀ ਕਮੇਟੀ ਮੈਂਬਰ ਭਾਈ ਸ਼ਮਸ਼ੇਰ ਸਿੰਘ ਪੱਧਰੀ ਵੱਲੋਂ ਜਾਰੀ ਕੀਤੇ ਗਏ ਪ੍ਰੈਸ ਨੋਟ ਰਾਹੀ ਮੀਟਿੰਗ ਵਿੱਚ ਉਚੇਚੇ ਤੌਰ ਤੇ ਪਹੁੰਚੇ ਭਾਈ ਸਰਬਜੀਤ ਸਿੰਘ ਸੋਹਲ ਨੇ ਕਿਹਾ ਕਿ ਸਰਕਾਰ ਅਤੇ ਵੱਖ-ਵੱਖ ਸ਼ਕਤੀਆਂ ਵੱਲੋਂ ਪੰਥਕ ਮੂਲ ਵਿਰੋਧੀ ਨੀਤੀਆਂ ਅਪਣਾਈਆਂ ਜਾ ਰਹੀਆਂ ਹਨ, ਜੋ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀਆਂ ਜਾਣਗੀਆਂ। ਇਸ ਮੌਕੇ ਤੇ ਆਏ ਸਮੂਹ ਆਗੂਆਂ ਵੱਲੋਂ ਸਾਂਝੇ ਰੂਪ ਵਿੱਚ ਗੁਰਦੁਆਰਾ ਪ੍ਰਬੰਧ 'ਚ ਦਖਲਅੰਦਾਜ਼ੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹੋਰ ਧਾਰਮਿਕ ਸੰਸਥਾਵਾਂ 'ਚ ਸਰਕਾਰੀ ਹਸਤਕਸ਼ੇਪ ਦੀ ਨਿੰਦਾ ਕੀਤੀ ਗਈ ਅਤੇ ਕਿਹਾ ਗਿਆ ਸਿੱਖ ਇਤਿਹਾਸ ਤੇ ਸੰਸਕ੍ਰਿਤੀ 'ਤੇ ਹੋ ਰਿਹਾ ਹਮਲਾ ਜਿੰਨਾਂ ਵਿੱਚ ਕਿਤਾਬਾਂ, ਕੋਰਸ ਸਿੱਖ ਇਤਿਹਾਸ ਦੀ ਤੋੜ-ਮਰੋੜ ਸਮੁੱਚੀ ਕੌਮ ਲਈ ਇਕ ਵੱਡਾ ਖ਼ਤਰਾ ਹੈ। ਇਸ ਮੌਕੇ ਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਚਲਾਈ ਗਈ ਭਰਤੀ ਮੁਹਿੰਮ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਸਬੰਧੀ ਵੀ ਅਹਿਮ ਵਿਚਾਰਾਂ ਕੀਤੀਆਂ ਗਈਆਂ ਅਤੇ ਆਉਣ ਵਾਲੇ ਦਿਨਾਂ ਵਿੱਚ ਇਸ ਮੁਹਿੰਮ ਨੂੰ ਹੋਰ ਸੁਚਾਰੂ ਢੰਗ ਨਾਲ ਚਲਾਉਣ ਤੇ ਜੋਰ ਦਿੱਤਾ ਗਿਆ। ਭਾਈ ਪਰਮਜੀਤ ਜੀ ਜੌਹਲ ਨੇ ਇਸ ਮੌਕੇ ਅਕਾਲੀ ਦਲ ਵਾਰਿਸ ਪੰਜਾਬ ਦੀ ਬੇਹਤਰੀ ਵਾਸਤੇ ਨਿੱਗਰ ਸੋਚ ਰੱਖਣ ਵਾਲੇ ਸਮੂਹ ਪੁਰਾਣੇ ਫੈਡਰੇਸ਼ਨ ਆਗੂਆਂ ਨੂੰ ਜੀਓ ਆਇਆਂ ਕਿਹਾ ਅਤੇ ਵੱਧ ਚੜ ਕੇ ਹਰ ਪੱਖ ਤੋਂ ਸਹਿਯੋਗ ਕਰਨ ਲਈ ਕਿਹਾ। ਅਖੀਰ ਵਿੱਚ ਇਸ ਮੌਕੇ ਬਾਪੂ ਤਰਸੇਮ ਸਿੰਘ ਜੀ ਸਾਰੇ ਆਗੂਆਂ ਤੇ ਪੰਥਕ ਸ਼ਖਸੀਅਤਾਂ ਦਾ ਉਹਨਾਂ ਦੇ ਗ੍ਰਹਿ ਪਿੰਡ ਜੱਲੂਪੁਰ ਪਹੁੰਚਣ ਤੇ ਧੰਨਵਾਦ ਕੀਤਾ ਅਤੇ ਪੁਰਾਣੇ ਸਿਆਸੀ ਤਜਰਬਿਆਂ ਚੋਂ ਸਾਂਝੀਆਂ ਕੀਤੀਆਂ ਵੱਡਮੁੱਲੀਆਂ ਜਾਣਕਾਰੀਆਂ ਨੂੰ ਵੀ ਸਰਾਹਿਆ ਅਤੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਕੋਈ ਆਪ ਬਣਾਈ ਗਈ ਪਾਰਟੀ ਨਹੀਂ ਹੈ ਬਲਕਿ ਸੰਗਤ ਦੇ ਪਿਆਰ ਨਾਲ ਪੰਜਾਬ ਦੇ ਵਿਗੜੇ ਹਲਾਤਾਂ ਕਾਰਨ ਉਪਜੇ ਖਲਾਅ ਵਿੱਚੋਂ ਆਪ ਪੈਦਾ ਹੋਈ ਹੈ ਅਤੇ ਇਸ ਪਾਰਟੀ ਤੇ ਹਰੇਕ ਵਰਗ ਦਾ ਬਰਾਬਰ ਯੋਗਦਾਨ ਹੈ। ਉਹਨਾਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਮੂਲ ਪੰਥਕ ਸਿਧਾਂਤਾਂ ਤੇ ਚਲਦਿਆਂ ਹਰੇਕ ਵਰਗ ਨੂੰ ਨਾਲ ਲੈ ਕੇ ਸਰਬੱਤ ਦੇ ਭਲੇ ਲਈ ਇਕ ਸਾਂਝੇ ਕਾਫਲੇ ਦੇ ਰੂਪ ਵਿੱਚ ਚੱਲੇਗਾ।

**ਸਾਬਕਾ ਫੈਡਰੇਸ਼ਨ ਆਗੂਆਂ ਅਤੇ ਪੰਥਕ ਧਿਰਾਂ ਦੇ ਅਕਾਲੀ "ਵਾਰਿਸ ਪੰਜਾਬ ਦੇ" ਵੱਲ ਵੱਧਦੇ ਕਦਮ ਪੰਜਾਬ ਦੀ ਸਿਆਸਤ ਵਿੱਚ ਵੱਡੇ ਫੇਰ-ਬਦਲ ਦੇ ਸੰਕੇਤ**

# ਟੀ.ਬੀ. ਮੁਕਤ ਕਰਨ ਲਈ ਸਰਕਾਰ ਪੱਬਾਂ ਭਾਰ : ਰਣਬੀਰ ਸਿੰਘ ਭੁੱਲਰ



**ਫ਼ਿਰੋਜ਼ਪੁਰ, 4 ਫਰਵਰੀ (ਮਨੋਹਰ ਲਾਲ)** :— ਟੀ.ਬੀ ਮੁਕਤ ਪੰਜਾਬ ਕਰਨ ਦੇ ਮਨੋਰਥ ਨਾਲ ਪੰਜਾਬ ਸਰਕਾਰ ਦੇ ਨਿਰਦੇਸ਼ਾਂ ਤਹਿਤ ਸਿਵਲ ਸਰਜਨ ਫ਼ਿਰੋਜ਼ਪੁਰ ਡਾਕਟਰ ਰਾਜਵਿੰਦਰ ਕੌਰ ਦੀ ਪ੍ਰਧਾਨਗੀ ਅਤੇ ਜ਼ਿਲ੍ਹਾ ਅਫਸਰ ਡਾ: ਸਤਿੰਦਰ ਕੌਰ ਉਬਰਾਏ ਦੀ ਅਗਵਾਈ ਹੇਠ 100 ਦਿਨਾਂ ਟੀ.ਬੀ ਜਾਗਰੂਕਤਾ ਮੁਹਿਮ ਕਰਵਾਈ ਗਈ। ਇਸ ਮੁਹਿੰਮ ਦੀ ਨਿਗਰਾਨੀ ਕਰ ਰਹੇ ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਜਿਥੇ ਸੂਬੇ ਭਰ ਵਿਚ ਚਲਾਈ ਟੀ.ਬੀ ਮੁਕਤ ਮੁਹਿੰਮ ਦੀ ਜੰਮ ਕੇ ਸਰਾਹਨਾ ਕੀਤੀ, ਉਥੇ ਆਮ ਲੋਕਾਂ ਨੂੰ ਜਾਗਰੂਕ ਹੋਣ ਦੀ ਅਪੀਲ ਕਰਦਿਆਂ ਦਵਾਈ ਦੇ ਨਾਲ—ਨਾਲ ਪ੍ਰਹੇਜ਼ ਕਰਨ ਦੀ ਸਲਾਹ ਦਿੱਤੀ। ਫ਼ਿਰੋਜ਼ਪੁਰ ਦੇ ਗਰੀਨ ਪਾਰਕ ਵਿਖੇ ਕਰਵਾਏ ਜਾਗਰੂਕਤਾ ਕੈਂਪ ਵਿਚ ਸੰਬੋਧਨ ਕਰਦਿਆਂ ਰਣਬੀਰ ਸਿੰਘ ਭੁੱਲਰ ਨੇ ਕਿਹਾ ਕਿ ਸਰਕਾਰ ਵੱਲੋਂ ਇਹ ਟੀ.ਬੀ ਮੁਕਤ ਭਾਰਤ ਪ੍ਰੋਗਰਾਮ ਤਹਿਤ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਵੱਲੋਂ 100 ਦਿਨਾਂ ਟੀ.ਬੀ ਜਾਗਰੂਕਤਾ ਮੁਹਿੰਮ ਸ਼ੁਰੂ ਕੀਤੀ ਗਈ ਹੈ, ਜਿਸ ਵਿਚ ਜ਼ਰੂਰਤਮੰਦ ਲੋਕਾਂ ਦੇ ਟੀ.ਬੀ ਦੇ ਟੈਸਟ, ਐਕਸਰੇ ਆਦਿ ਸਾਰੇ ਸਰਕਾਰੀ ਸਿਹਤ ਸੰਸਥਾਵਾਂ ਵਿਚ ਮੁਫਤ ਕੀਤੇ ਜਾਂਦੇ ਹਨ। ਇਸ ਮੌਕੇ ਟੀ.ਬੀ ਕਲੀਨਿਕ ਸਿਵਲ ਹਸਪਤਾਲ ਫ਼ਿਰੋਜ਼ਪੁਰ ਦਾ ਸਟਾਫ ਰਾਜ ਕੁਮਾਰ ਫਾਰਮੈਸੀ ਅਫਸਰ, ਰਾਜਦੀਪ ਸਿੰਘ ਟੀ.ਬੀ.ਐਚ.ਵੀ, ਹਰਮਿੰਦਰ ਸਿੰਘ ਟੀ.ਬੀ.ਐਚ.ਵੀ ਅਤੇ ਅਕਸ਼ੈ ਕੁਮਾਰ ਐਮ.ਐਲ.ਟੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮੁਹਿੰਮ ਤਹਿਤ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਵੱਖ—ਵੱਖ ਪਿੰਡਾਂ ਵਿਚ ਟੀ.ਬੀ ਸਕਰੀਨਿੰਗ ਕੈਂਪ ਲਗਾਏ ਜਾ ਰਹੇ ਹਨ ਅਤੇ ਲੋਕਾਂ ਨੂੰ ਇਸ ਬਿਮਾਰੀ ਤੋਂ ਬਚਣ ਲਈ ਵਿਸ਼ੇਸ਼ ਧਿਆਨ ਰੱਖਣ ਅਤੇ ਇਸ ਬਿਮਾਰੀ ਦੇ ਟੈਸਟ ਕਰਵਾਉਣ ਲਈ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਮੌਕੇ ਮੁੱਖ ਮਹਿਮਾਨ ਵੱਲੋਂ ਟੀ.ਬੀ ਮੁਕਤ ਭਾਰਤ ਮੁਹਿੰਮ ਵਿਚ ਸਹਿਯੋਗ ਕਰਨ ਲਈ ਸਹੁੰ ਚੁੱਕ ਸਮਾਰੋਹ ਕੀਤਾ ਗਿਆ, ਜਿਸ ਵਿਚ ਤਰਨਜੀਤ ਸਿੰਘ ਪ੍ਰਧਾਨ ਯੂਥ ਸੇਵਾਵਾਂ ਕਲੱਬ ਲੰਗੇਆਣਾ ਆਪਣੇ ਮੈਂਬਰਾਂ ਨਾਲ ਹਾਜ਼ਰ ਹੋਏ ਅਤੇ ਇਸ ਮੁਹਿੰਮ ਵਿਚ ਯੋਗਦਾਨ ਪਾਉਣ ਅਤੇ ਆਪਣੇ ਪਿੰਡ ਲੰਗੇਆਣਾ ਅਤੇ ਆਲੇ—ਦੁਆਲੇ ਦੇ ਪਿੰਡਾਂ ਵਿਚ ਕੈਂਪ ਲਗਾ ਕੇ ਟੀ.ਬੀ ਦੇ ਮਰੀਜਾਂ ਦੀ ਸਕਰੀਨਿੰਗ ਕਰਨ ਦਾ ਪ੍ਰਣ ਕੀਤਾ।

# ਸਕੂਲੀ ਬੱਚਿਆਂ ਨੂੰ ਨੈਤਿਕਤਾ ਦਾ ਪੜ੍ਹਾਇਆ ਪਾਠ




**ਫ਼ਿਰੋਜ਼ਪੁਰ, 3 ਫਰਵਰੀ (ਮਨੋਹਰ ਲਾਲ)** :— ਅੱਜ ਸਕੂਲ ਵਿਚ ਸਵੇਰ ਦੀ ਸਭਾ ਦੌਰਾਨ ਅਧਿਆਪਕਾਂ, ਬੱਚਿਆਂ ਤੇ ਪਿੰਡ ਦੇ ਸਮਾਜ ਸੇਵੀਆਂ ਤੇ ਪੰਚਾਇਤ ਦੇ ਮੈਂਬਰਾਂ ਨੇ ਵੱਧ—ਚੜ੍ਹ ਕੇ ਹਿੱਸਾ ਪਾਇਆ ਅਤੇ ਸਵੇਰ ਦੀ ਸਭਾ ਵਿਚ ਪ੍ਰਾਰਥਨ, ਸਲਾਈਡ ਅਤੇ ਹੋਰ ਗਤੀਵਿਧੀਆਂ ਵਿਚ ਸਕੂਲ ਵਿਚ ਆਏ ਸਮਾਜ ਸੇਵੀ ਮੁੱਖ ਮਹਿਮਾਨ ਵੱਲੋਂ ਨੈਤਿਕਤਾ ਦੇ ਸਬੰਧ ਵਿਚ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਬੋਲਦਿਆਂ ਮੁੱਖ ਮਹਿਮਾਨ ਸ੍ਰੀ ਪੀ.ਸੀ ਕੁਮਾਰ ਨੇ ਬੱਚਿਆਂ ਨੂੰ ਗੁਰੂਆਂ, ਪੀਰਾਂ ਤੇ ਦੇਸ਼ ਭਗਤਾਂ ਦੀਆਂ ਕੁਰਬਾਨੀਆਂ ਨੂੰ ਵਰਤਮਾਨ ਸਮੇਂ ਨਾਲ ਜੋੜਦੇ ਹੋਏ ਬੱਚਿਆਂ ਨੂੰ ਨੈਤਿਕਤਾ ਬਾਰੇ ਜਾਗਰੂਕ ਕੀਤਾ ਕਿ ਕਿਵੇਂ ਸਾਡੇ ਗੁਰੂਆਂ, ਪੀਰਾਂ ਤੇ ਸ਼ਹੀਦਾਂ ਨੇ ਇਸ ਸਮਾਜ ਦੀ ਭਲਾਈ ਲਈ ਸਮਾਜ ਨੂੰ ਸੁਧਾਰਨ ਲਈ ਤੇ ਦੇਸ਼ ਨੂੰ ਆਜ਼ਾਦ ਕਰਵਾਉਣ ਲਈ ਦਿੱਤੀਆਂ ਕੁਰਬਾਨੀਆਂ ਨੂੰ ਉਦਾਹਰਣਾਂ ਦੇ ਕੇ ਸੰਬੋਧਨ ਕੀਤਾ ਕਿ ਜਿਹੜੇ ਸਮਾਜ ਵਿਚ ਅਸੀਂ ਅੱਜ ਰਹਿ ਰਹੇ ਹਾਂ ਜਾਂ ਜਿਹੜੀ ਅੱਜ ਅਸੀਂ ਆਜਾਦੀ ਮਾਣ ਰਹੇ ਹਾਂ, ਇਹ ਸਭ ਉਨ੍ਹਾਂ ਦੀ ਹੀ ਦੇਣ ਹੈ। ਇਸ ਮੌਕੇ ਮੁੱਖ ਮਹਿਮਾਨ ਵੱਲੋਂ ਬੱਚਿਆਂ ਨੂੰ ਆਪਣੇ ਵੱਡਿਆਂ, ਅਧਿਆਪਕਾਂ ਅਤੇ ਮਾਤਾ—ਪਿਤਾ ਦਾ ਸਤਿਕਾਰ ਕਰਨ ਤੇ ਸਾਫ—ਸੁਥਰਾ ਹੋ ਕੇ ਸਕੂਲ ਆਉਣ ਲਈ ਪ੍ਰੇਰਿਤ ਕੀਤਾ ਅਤੇ ਵੱਧ ਤੋਂ ਵੱਧ ਚੰਗੇ ਗੁਣਾਂ ਨੂੰ ਆਪਣੇ ਵਿਚ ਪੈਦਾ ਕਰਕੇ ਆਪਣੇ ਸਮਾਜ ਤੇ ਭਾਰਤ ਦੇ ਚੰਗੇ ਨਾਗਰਿਕ ਬਨਣ ਲਈ ਪ੍ਰੇਰਿਤ ਕੀਤਾ ਅਤੇ ਆਪਣੇ ਗੁਰੂ ਪੀਰਾਂ ਤੇ ਸ਼ਹੀਦਾਂ ਦੇ ਜ਼ੋ ਭਾਰਤ ਪ੍ਰਤੀ ਸੁਪਨੇ ਸਨ, ਨੂੰ ਸਕਾਰ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੈਤਿਕਤਾ ਸਬੰਧੀ ਬੋਲਦਿਆਂ ਬੱਚਿਆਂ ਨਾਲ ਨੈਤਿਕਤਾ ਤੇ ਬਹੁਤ ਸਾਰੇ ਸਵਾਲ ਕੀਤੇ ਗਏ ਅਤੇ ਬੱਚਿਆਂ ਨੇ ਉਤਸ਼ਾਹ ਦਿਖਾਉਂਦਿਆਂ ਸਵਾਲਾਂ ਦੇ ਜਵਾਬ ਦਿੱਤੇ ਤੇ ਜਿਹੜੇ ਬੱਚਿਆਂ ਨੇ ਸਵਾਲਾਂ ਦੇ ਜਵਾਬ ਦਿੱਤੇ, ਉਨ੍ਹਾਂ ਨੂੰ ਸਟੇਜ਼ ਤੇ ਬੁਲਾ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬੱਚਿਆਂ ਵੱਲੋਂ ਅੱਜ ਤੋਂ ਹੀ ਪ੍ਰਣ ਕੀਤਾ ਕਿ ਅਸੀਂ ਆਪਣੇ ਗੁਰੂਆਂ, ਪੀਰਾਂ ਤੇ ਸ਼ਹੀਦਾਂ ਦੇ ਦਰਸਾਏ ਮਾਰਗ ਤੇ ਚੱਲਾਂਗੇ ਅਤੇ ਆਉਣ ਵਾਲੇ ਸਮੇਂ ਵਿਚ ਉਨ੍ਹਾਂ ਦੇ ਸੁਪਨਿਆਂ ਨੂੰ ਸਕਾਰ ਕਰਾਂਗੇ।

## ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਭਾਈ ਸੁਖਦੇਵ ਸਿੰਘ ਖਾਲਸਾ ਦੇ ਸਤਿਕਾਰਯੋਗ ਪਿਤਾ ਜਥੇਦਾਰ ਬਾਪੂ ਗੋਪਾਲ ਸਿੰਘ ਦੀ ਮਿੱਠੀ ਯਾਦ ਵਿਚ ਸਲਾਨਾ ਬਰਸੀ 4 ਫਰਵਰੀ ਨੂੰ



**ਫ਼ਿਰੋਜ਼ਪੁਰ, 3 ਫਰਵਰੀ (ਮਨੋਹਰ ਲਾਲ)** :—ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਭਾਈ ਸੁਖਦੇਵ ਸਿੰਘ ਖਾਲਸਾ ਦੇ ਸਤਿਕਾਰਯੋਗ ਪਿਤਾ ਜਥੇਦਾਰ ਬਾਪੂ ਗੋਪਾਲ ਸਿੰਘ ਜੀ ਦੀ ਮਿੱਠੀ ਯਾਦ ਵਿਚ ਸਲਾਨਾ ਬਰਸੀ 4 ਫਰਵਰੀ ਦਿਨ ਮੰਗਲਵਾਰ 2025 ਨੂੰ ਪਿੰਡ ਬਾਘੇਵਾਲਾ ਨੇੜੇ ਆਰਿਫਕੇ ਜ਼ਿਲ੍ਹਾ ਫ਼ਿਰੋਜ਼ਪੁਰ ਵਿਖੇ ਹੋਵੇਗੀ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ, ਭੋਗ ਉਪਰੰਤ ਕੀਰਤਨ ਜਥਾ ਹੋਵੇਗਾ। ਇਸ ਮੌਕੇ ਤੇ ਸਿੱਖ ਪੰਥ ਦੀਆਂ ਮਹਾਨ ਸਖਸ਼ੀਅਤਾਂ ਜਿਨ੍ਹਾਂ ਵਿਚ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਪ੍ਰਧਾਨ ਸੰਤ ਸਮਾਜ, ਸੰਤ ਬਾਬਾ ਅਵਤਾਰ ਸਿੰਘ ਧੂਲਕੋਟ ਵਾਲੇ ਵਿਸ਼ੇਸ਼ ਤੌਰ ਤੇ ਪਹੁੰਚ ਕੇ ਹਾਜ਼ਰੀ ਲੁਆਉਣਗੇ। ਇਸ ਮੌਕੇ ਤੇ ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਭਾਈ ਸੁਖਦੇਵ ਸਿੰਘ ਖਾਲਸਾ ਸ੍ਰੀ ਆਨੰਦਪੁਰ ਸਾਹਿਬ ਨੇ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਭਾਰੀ ਗਿਣਤੀ ਵਿਚ ਪਹੁੰਚ ਕੇ ਆਏ ਹੋਏ ਸੰਤਾਂ ਮਹਾਂ ਪੁਰਸ਼ਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲ ਬਣਾਓ। ਜਥੇਦਾਰ ਬਾਪੂ ਗੋਪਾਲ ਸਿੰਘ ਜੀ ਨਮਿਤ ਰੱਖੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਿੰਡ ਬਾਘੇਵਾਲਾ ਨੇੜੇ ਆਰਿਫਕੇ ਜ਼ਿਲ੍ਹਾ ਫ਼ਿਰੋਜ਼ਪੁਰ ਵਿਖੇ 14 ਫਰਵਰੀ 2025 ਮੰਗਲਵਾਰ ਨੂੰ ਸਵੇਰੇ 10:30 ਵਜੇ ਤੋਂ ਦੁਪਹਿਰ ਇਕ ਵਜੇ ਤੱਕ ਪਾਏ ਜਾਣਗੇ।


## ਵਰ੍ਹੇਗੰਢ ਮੁਬਾਰਕ






ਜਰਨੈਲ ਸਿੰਘ ਗਾਬੜੀਆ ਕੌਮੀ ਸਕੱਤਰ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਤੇ ਸਿਮਰਨਜੀਤ ਕੌਰ ਨੂੰ 33ਵੀਂ ਵਿਆਹ ਵਰ੍ਹੇਗੰਢ ਦੀਆਂ ਸ਼ੁਭਕਾਮਨਾਵਾਂ।

ਫੋਟੋ : ਮਨੋਹਰ ਲਾਲ ਪੱਤਰਕਾਰ

### ਸਰਕਾਰ ਆਪਣੇ ਕੀਤੇ ਵਾਅਦਿਆਂ 'ਤੇ ਖਰਾ ਉਤਰੇ ਨਹੀਂ ਤਾਂ

# ਕੰਮ ਕਾਜ ਕੀਤਾ ਜਾਵੇਗਾ ਬੰਦ : ਉੱਪਲ /ਬਾਜਵਾ

**ਚੌਂਕ ਮਹਿਤਾ, 4 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੈਰਾ ਮੈਡੀਕਲ ਅਤੇ ਸਿਹਤ ਕਰਮਚਾਰੀ ਯੂਨੀਅਨ ਪੰਜਾਬ ਵੱਲੋਂ ਪੂਰੇ ਪੰਜਾਬ ਵਿੱਚ ਸਿਹਤ ਸਹੂਲਤਾਂ ਦੀ ਕਮੀ ਹੋਣ ਕਰਕੇ ਮਟਰਨਲ ਡੈਥ ਨੂੰ ਲੈ ਕੇ ਵਿਭਾਗ ਵਲੋ ਪੈਰਾ ਮੈਡੀਕਲ ਸਟਾਫ ਮਲਟੀਪਰਪਜ ਹੈਲਥ ਵਰਕਰ ਫੀਮੇਲ, ਸੀ ਐਚ ਉ ਅਤੇ ਆਸ਼ਾ ਵਰਕਰ ਨੂੰ ਹੀ ਜਿੰਮੇਵਾਰ ਠਹਿਰਾਉਣ ਦੀ ਨਿੰਦਾ ਕੀਤੀ ਹੈ ਮਲਟੀਪਰਪਜ ਹੈਲਥ ਇੰਪਲਾਈਜ ਮੇਲ ਫੀਮੇਲ ਯੂਨੀਅਨ ਪੰਜਾਬ ਦੇ ਸੁਬਾਈ ਕਨਵੀਨਰ ਗੁਰਦੇਵ ਸਿੰਘ ਢਿਲੋ, ਸੀਨੀਅਰ ਮੀਤ ਪ੍ਰਧਾਨ ਪ੍ਰਭਜੀਤ ਸਿੰਘ ਉੱਪਲ ,ਜਰਨਲ ਸਕੱਤਰ ਮਨਜੀਤ ਕੋਰ ਬਾਜਵਾ ,ਨਿਸਾਨ ਸਿੰਘ ਗੁਰਦਾਸਪੁਰ, ਜਿਲਾ ਪ੍ਰਧਾਨ ਰਾਜਦੀਪ ਸਿੰਘ ,ਰਜਨੀ ਸਰਮਾ ਹੁਸ਼ਿਆਰਪੁਰ, ਆਸਾ ਵਰਕਰ /ਆਸਾ ਫੈਸਟੀਲੇਟਰ ਪ੍ਰਧਾਨ ਅਮਰਜੀਤ ਕੌਰ ਰਣ ਸਿੰਘ ਵਾਲਾ ,ਸੁਬਾਈ ਪ੍ਰਧਾਨ ਕਿਰਨਦੀਪ ਕੋਰ ਪ੍ਰਜੋਲਾ, ਸੀ ਐਚ ਉ ਪ੍ਰਧਾਨ ਸੰਨੀਲ ਤਗਰੋਤਰਾ, ਕੰਟਰੇਕਟ ਫੀਮੇਲ ਵਰਕਰ ਪ੍ਰਧਾਨ ਸਰਬਜੀਤ ਕੋਰ ਰੋਪੜ ਸੰਦੀਪ ਸਿੰਘ ਐਕਸਰੇ ਯੂਨੀਅਨ ਪ੍ਰਧਾਨ ਪੰਜਾਬ ਨੇ ਸਾਝੇ ਬਿਆਨ ਵਿੱਚ ਕਿਹਾ ਕਿ ਪੂਰੇ ਪੰਜਾਬ ਵਿੱਚ ਗਾਇਨੀ ਡਾਕਟਰ ਅਤੇ ਪੈਰਾਮੈਡੀਕਲ ਸਟਾਫ ਦੀ ਘਾਟ ਹੋਣ ਕਰਕੇ ਪੰਜਾਬ ਦੇ ਲੋਕਾਂ ਨੂੰ ਸਰਕਾਰੀ ਸੰਸਥਾ ਵਿੱਚ ਖੱਜਲ ਖਵਾਰ ਹੋਣਾ ਪੈ ਰਿਹਾ ਹੈ ਜਿਸ ਕਰਕੇ ਪੰਜਾਬ ਦੇ ਜਿਆਦਾਤਰ ਲੋਕ ਸਰਕਾਰੀ ਸੰਸਥਾ ਵਿੱਚ ਜਾਣ ਤੋਂ ਗੁਰੇਜ ਕਰਦੇ ਹਨ ਅਤੇ ਮਲਟੀਪਰਪਜ ਹੈਲਥ ਫੀਮੇਲ, ਸੀ ਐਚ ਉ ਆਸ਼ਾ ਵਰਕਰ ਸਿਵਲ ਹਸਪਤਾਲ ਲਈ ਗਰਭਵਤੀ ਨੂੰ ਮੋਟੀਵੇਟ ਕਰ ਕੇ ਭੇਜਦੇ ਨੇ ਪਰ ਉਥੇ ਵੀ ਮਰੀਜ ਦੀ ਲੁੱਟ ਹੁੰਦੀ ਹੈ ਅਬਾਦੀ ਵਧਣ ਨਾਲ ਗਾਇਨੀ ਡਾਕਟਰ ਐਮ ਡੀ ਅਲਟਰਾਸਾਊਂਡ , ਤੇ ਹੋਰ ਟੈਸਟਾਂ ਲਈ ਕਈ ਵਾਰ ਮਰੀਜ ਨੂੰ ਓਹ ਬਾਹਰੋਂ ਕਰਵਾਉਣੇ ਪੈਂਦੇ ਹਨ ਜਿਸ ਨਾਲ ਮਰੀਜ ਸਿਵਲ ਹਸਪਤਾਲ ਜਾਣ ਤੋਂ ਗੁਰੇਜ ਕਰਦੇ ਹਨ ਪੁਰਾਣੇ ਸਮੇ ਅਨੁਸਾਰ ਪੋਸਟਾਂ ਘੱਟ ਹੀ ਹਨ ਪਰ ਅਬਾਦੀ ਵਧਣ ਕਾਰਨ ਟੈਸਟਾਂ ਲਈ ਤੇ ਚੈਕਅਪ ਲਈ ਲੰਮਾ ਸਮਾਂ ਲਾਇਨਾ ਵਿੱਚ ਲੱਗ ਕੇ ਮਰੀਜ ਖੱਜਲ ਖੁਆਰ ਹੁੰਦੇ ਹਨ ਕਈ ਵਾਰ ਹਾਈ ਰਿਸਕ ਕੀਤੇ ਕੇਸਾ ਨੂੰ ਸਿਵਲ ਹਸਪਤਾਲ ਵੱਲੋ ਮੈਡੀਕਲ ਕਾਲਜ ਲਈ ਰੈਫਰ ਕੀਤਾ ਜਾਂਦਾ ਹੈ ਪਰ ਓਹ ਪਿੰਡਾਂ ਸਹਿਰਾ ਵਿੱਚ ਚੱਲ ਰਹੀਆਂ ਸੰਸਥਾਵਾਂ ਤੇ ਨਾਰਮਲ ਕੇਸ ਕਰਵਾ ਲੈਂਦੇ ਹਨ ਜਿਸ ਕਾਰਨ ਫੀਲਡ ਸਟਾਫ ਨੂੰ ਕਿਹਾ ਜਾਂਦਾ ਹੈ ਕੀ ਤੁਸੀਂ ਸਾਨੂੰ ਹੈਰਾਨ ਪ੍ਰੇਸ਼ਾਨ ਕਰਨ ਲਈ ਸਾਡੇ ਕਾਰਡ ਤੇ ਹਾਈ ਰਿਸਕ ਲਿਖ ਦਿਤਾ ਜਦ ਕੀ ਸਾਡੇ ਮਰੀਜ ਨੂੰ ਕੋਈ ਦਿੱਕਤ ਨਹੀ ਆਈ ਓਹ ਆਪਣੇ ਨੇੜੇ ਦੇ ਮਰੀਜ ਨੂੰ ਵੀ ਲੋਕਲ ਕੇਸ ਕਰਵਾਉਣ ਲਈ ਮੋਟੀਵੇਟ ਕਰ ਦਿੰਦੇ ਹਨ ਅਤੇ ਫੀਲਡ ਸਟਾਫ ਨੂੰ ਬੁਰਾ ਭਲਾ ਕਿਹਾ ਜਾਂਦਾ ਹੈ ਜਿਸ ਕਾਰਨ ਮੈਟਰਨਲ ਡੈਥ ਹੋਣ ਦਾ ਖਤਰਾ ਹੋਰ ਵੱਧ ਜਾਂਦਾ ਹੈ ਪਰ ਸਰਕਾਰ ਨੂੰ ਇਹ ਚਾਹੀਦਾ ਹੈ ਜੇਕਰ ਫੀਲਡ ਸਟਾਫ ਨੇ ਕਿਸੇ ਗਰਭਵਤੀ ਨੂੰ ਹਾਈ ਰਿਸਕ ਕੱਢ ਦਿਤਾ ਹੈ ਜੇਕਰ ਓਸ ਕੇਸ ਦੀ ਕੋਈ ਪਰਾਈਵੇਟ ਨਰਸਿੰਗ ਹੋਮ ਡਲੀਵਰੀ ਕਰਦਾ ਹੈ ਤਾ ਇਸ ਤੇ ਬਣਦੀ ਕਾਰਵਾਈ ਕੀਤੀ ਜਾਵੇ ਅਤੇ ਇਹ ਦੇਖਿਆ ਜਾਵੇ ਕੀ ਓਸ ਕੋਲ ਹਾਈ ਰਿਸਕ ਕੇਸ ਨੂੰ ਸਾਂਭਣ ਲਈ ਮੁਕੰਮਲ ਪ੍ਰਬੰਧ ਸੀ ਤਾ ਕੀ ਫੀਲਡ ਸਟਾਫ ਨੂੰ ਕੋਈ ਦਿੱਕਤ ਨਾ ਆਵੇ ਅਤੇ ਗਰਭਵਤੀ ਦੇ ਪਰਿਵਾਰ ਦੀ ਵੀ ਜਿੰਮੇਵਾਰੀ ਫਿਕਸ ਕੀਤੀ ਜਾਵੇ ਅਤੇ ਜਦ ਫੀਲਡ ਸਟਾਫ ਵੱਲੋ ਕਿਸੇ ਵੀ ਗਰਭਵਤੀ ਨੂੰ ਸਿਵਲ ਹਸਪਤਾਲ ਰੈਫਰ ਕੀਤਾ ਗਿਆ ਓਸ ਤੋਂ ਬਾਅਦ ਦੀ ਜਿੰਮੇਵਾਰੀ ਵੀ ਡਾ ਦੀ ਫਿਕਸ ਕੀਤੀ ਜਾਵੇ ਅਤੇ ਫੀਲਡ ਸਟਾਫ ਨੂੰ ਓਸ ਨਾਲ ਜੋੜ ਕੇ ਓਹਨਾ ਨੂੰ ਮਾਨਸਿਕ ਤੌਰ ਤਾ ਤੰਗ ਨਾ ਕੀਤਾ ਜਾਵੇ ਕਈ ਵਾਰ ਪਰਿਵਾਰਾਂ ਦੇ ਆਪਸੀ ਝਗੜੇ ਹੋਣ ਕਰਕੇ ਮੌਤ ਦੇ ਕਾਰਨਾਂ ਨੂੰ ਛੁਪਾਇਆ ਜਾਂਦਾ ਆਗੂਆ ਨੇ ਕਿਹਾ ਕਿ ਅਸੀਂ ਪੰਜਾਬ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਆਉਣ ਵਾਲੇ ਦਿਨਾਂ ਦੇ ਵਿੱਚ ਸਰਕਾਰ ਆਪਣੇ ਕੀਤੇ ਹੋਏ ਵਾਅਦੇ ਅਨੁਸਾਰ ਲੋਕਾਂ ਨੂੰ ਸੇਹ ਸਹੂਲਤਾਂ ਦੇਣ ਲਈ ਵਚਨਬੱਧ ਹੋਣ ਅਤੇ ਬਲਾਕ ਲੈਵਲ ਤੇ ਗਾਇਨੀ ਵਾਲੇ ਡਾਕਟਰ ਦੀ ਘਾਟ ਨੂੰ ਪੂਰਾ ਕੀਤਾ ਜਾਵੇ ਅਤੇ ਗਰਭਵਤੀ ਔਰਤਾਂ ਲਈ 24 ਘੰਟੇ ਪੈਰਾ ਮੈਡੀਕਲ ਸਟਾਫ ਦੀ ਭਰਤੀ ਕਰਕੇ ਲੋਕਾਂ ਨੂੰ ਸਿਹਤ ਸਹੂਲਤਾਂ ਦਿੱਤੀਆਂ ਜਾਣ ਜੇਕਰ ਆਉਣ ਵਾਲੇ ਦਿਨਾਂ ਦੇ ਵਿੱਚ ਸਰਕਾਰ ਅਤੇ ਵਿਭਾਗ ਨੇ ਇਹ ਮਸਲੇ ਹੱਲ ਕਰਨ ਵੱਲ ਧਿਆਨ ਨਾ ਦਿੱਤਾ ਤਾ ਪੈਰਾ ਮੈਡੀਕਲ ਅਤੇ ਸਿਹਤ ਕਰਮਚਾਰੀ ਯੂਨੀਅਨ ਪੰਜਾਬ ਵੱਲੋਂ ਸੰਘਰਸ਼ ਲਈ ਮਜਬੂਰ ਹੋ ਕੇ ਆਪਣਾ ਕੰਮ ਬੰਦ ਕਰਕੇ ਸੜਕਾਂ ਤੇ ਉਤਰਨਾ ਪਵੇਗਾ ਇਸ ਮੋਕੇ ਸੁਖਵਿੰਦਰ ਸਿੰਘ ਢਿੱਲੋ ਹੁਸਿਆਰਪੁਰ, ਗਗਨਦੀਪ ਸਿੰਘ ਖ਼ਾਲਸਾ,ਸੰਦੀਪ ਸਿੰਘ ਰਾਮਦਾਸ , ਗੁਰਵੇਲ ਸਿੰਘ ਸੋਹੀ,ਕੁਲਬੀਰ ਸਿੰਘ ਲੋਪੋਕੇ,ਸਰਵਨ ਸਿੰਘ ,ਗੁਰਮੀਤ ਸਿੰਘ ਗੁਰਦਾਸਪੁਰ ਮਨਜੀਤ ਕੌਰ,ਹਰਪਾਲ ਕੌਰ ਬਲਜੀਤ ਕੌਰ,ਰਾਜਵੰਤ ਕੌਰ ਵੇਰਕਾ ਜ਼ਿਲਾ ਪ੍ਰਧਾਨ ਆਸ਼ਾ ਵਰਕਰ,ਸੁਖਵਿੰਦਰ ਕੌਰ,ਅਮਨਦੀਪ ਕੌਰ ਫਤਹਿਗੜ੍ਹ ਚੂੜੀਆਂ,ਲਖਵਿੰਦਰ ਕੌਰ,ਰਾਜ ਰਾਣੀ,ਸੁਖਵੰਤ ਕੌਰ ਤੋ ਇਲਾਵਾ ਹੋਰ ਆਗੂ ਹਾਜਰ ਸਨ!





### ਚੇਅਰਮੈਨ ਘੁੱਲੀ ਵੱਲੋਂ ਆਲ ਇੰਡੀਆ ਅਥਲੈਟਿਕਸ ਚੈਪੀਅਨਸ਼ਿਪ ਵਿੱਚ

# ਪਹਿਲਾ ਸਥਾਨ ਪ੍ਰਾਪਤ ਕਰਨ ਤੇ ਧੂਰੀ ਇਲਾਕੇ 'ਚ ਖੁਸ਼ੀ ਦੀ ਲਹਿਰ

**ਧੂਰੀ ( ਰਣਜੀਤ ਸਿੰਘ ਪੇਧਨੀ )**-ਆਲ ਇੰਡੀਆ ਅਥਲੈਟਿਕਸ ਚੈਪੀਅਨਸ਼ਿਪ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਫ਼ਤਰ ਇੰਚਾਰਜ ਸ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸ ਜਿੱਤ ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਪਰਮਜੀਤ ਸਿੰਘ ਕਾਂਝਲਾ, ਰਣਜੋਧ ਸਿੰਘ ਕਾਂਝਲਾ, ਕਰਮਜੀਤ ਸਿੰਘ ਕਾਂਝਲਾ, ਪੰਚਾਇਤ ਯੂਨੀਅਨ ਬਲਾਕ ਧੂਰੀ ਦੇ ਪ੍ਰਧਾਨ ਸਰਪੰਚ ਜਗਸੀਰ ਸਿੰਘ ਜੱਗਾ ਭੋਜੋਵਾਲੀ ,ਸਰਪੰਚ ਜਸਵੀਰ ਦਾਸ ਢਢੋਗਲ ਜਨਰਲ ਸਕੱਤਰ,ਸਰਪੰਚ ਗੋਪੀ ਮੀਮਸਾ, ਸਰਪੰਚ ਸਿਮਰਨਜੀਤ ਸਿੰਘ ਕਾਲਾ ਬਟੂਹਾ , ਸਰਪੰਚ ਸੁਖਚੈਨ ਸਿੰਘ ਮੂਲੋਵਾਲ, ਸਰਪੰਚ ਅਮਨਦੀਪ ਸਿੰਘ ਰਣੀਕੇ, ਸਰਪੰਚ ਜਗਜੀਤ ਸਿੰਘ ਕੱਕੜਵਾਲ , ਸਰਪੰਚ ਬਲਵੀਰ ਸਿੰਘ ਈਸੀ,ਸਰਪੰਚ ਭਗਵਾਨ ਸਿੰਘ ਭਲਵਾਨ ,ਸਰਪੰਚ ਰਵਿੰਦਰ ਕੁਮਾਰ ਰਿੰਕਾ ਹਸਨਪੁਰ ,ਸਰਪੰਚ ਗੋਪਾਲ ਕ੍ਰਿਸਨ ਬੇਨੜਾ, ਸਰਪੰਚ ਬਹਾਦਰ ਸਿੰਘ ਭਸੌੜ, ਸਰਪੰਚ ਕਰਮਜੀਤ ਸਿੰਘ ਭੁਲਰਹੇੜੀ, ਸਰਪੰਚ ਗੁਰਮੇਲ ਸਿੰਘ ਬੁਰਜ ਗੌਹਰਾ, ਸਰਪੰਚ ਲਾਲੀ ਬੰਗਾਵਾਲੀ, ਸਰਪੰਚ ਅਮਨਦੀਪ ਸਿੰਘ, ਸਰਪੰਚ ਬਹਾਦਰ ਸਿੰਘ ਭਸੌੜ, ਸਰਪੰਚ ਗੋਗਾ ਦੁਗਨੀ, ਸਰਪੰਚ ਡਾ ਅਮਨ ਜਾਤੀਮਾਜਰਾ, ਸਰਪੰਚ ਦਲਵੀਰ ਸਿੰਘ ਧੰਦੀਵਾਲ, ਸਰਪੰਚ ਰਾਮ ਜੀ ਨੱਤ , ਭਿੰਦਾ ਵਿਰਕ, ਪੱਤਰਕਾਰ ਰਣਜੀਤ ਸਿੰਘ ਪੇਧਨੀ ਆਦਿ ਆਗੂਆਂ ਨੇ ਆਲ ਇੰਡੀਆ ਅਥਲੈਟਿਕਸ ਚੈਪੀਅਨਸ਼ਿਪ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਫ਼ਤਰ ਇੰਚਾਰਜ ਸ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੂੰ ਮੁਬਾਰਕਵਾਦ ਦਿੱਤੀ ਅਤੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਪਰਮਾਤਮਾ ਚੇਅਰਮੈਨ ਘੁੱਲੀ ਨੂੰ ਦਿਨ ਦੁੱਗਣੀ ਰਾਤ ਚੌਗਣੀ ਤਰੱਕੀ ਬਖਸ਼ੇ ।







## ਸ਼ਹੀਦ ਕਰਤਾਰ ਸਿੰਘ ਸਰਾਭਾ ਹੈਲਪਿੰਗ ਹੈਂਡ ਸੁਸਾਇਟੀ ਵੱਲੋਂ ਪਿੰਡ ਬਾਹਮਣੀ ਵਾਲਾ ਵਿਖੇ ਅੱਖਾਂ ਦਾ ਫ੍ਰੀ ਕੈਂਪ 7 ਫ਼ਰਵਰੀ ਨੂੰ

**ਪੱਟੀ, 4 ਫ਼ਰਵਰੀ (ਆਵਾਜ਼ਿ ਕੌਮ ਬਿਊਰੋ)**- ਸ਼ਹੀਦ ਕਰਤਾਰ ਸਿੰਘ ਸਰਾਭਾ ਹੈਲਪਿੰਗ ਹੈਂਡ ਸੁਸਾਇਟੀ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਇਲਾਕੇ ਵਿੱਚ ਹਨੇਰੇ ਤੋਂ ਸਵੇਰੇ ਵੱਲ ਮਿਸ਼ਨ ਤਹਿਤ ਅੱਖਾਂ ਦੇ ਫ੍ਰੀ ਕੈਂਪ ਲਗਾਏ ਜਾ ਰਹੇ ਹਨ। ਇਸੇ ਮਿਸ਼ਨ ਤਹਿਤ ਪਿੰਡ ਬਾਹਮਣੀ ਵਾਲਾ ਵਿਖੇ ਅੱਖਾਂ ਦਾ ਫ੍ਰੀ ਕੈਂਪ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼ਹੀਦ ਕਰਤਾਰ ਸਿੰਘ ਸਰਾਭਾ ਹੈਲਪਿੰਗ ਹੈਂਡ ਸੁਸਾਇਟੀ ਦੇ ਪ੍ਰੈਸ ਸਕੱਤਰ ਕੁਲਦੀਪ ਸਿੰਘ ਕੇ ਪੀ ਗਿੱਲ ਨੇ ਦੱਸਿਆ ਸੁਸਾਇਟੀ ਵੱਲੋਂ ਸ਼ਹੀਦ ਬਾਬਾ ਭੂਪ ਜੀ ਦੇ ਸਲਾਨਾ ਮੇਲੇ ਨੂੰ ਸਮਰਪਿਤ ਅੱਖਾਂ ਦਾ ਫ੍ਰੀ ਕੈਂਪ 7 ਫ਼ਰਵਰੀ ਨੂੰ ਸਵੇਰੇ 9 ਤੋਂ ਦੁਪਹਿਰ 2 ਵਜੇ ਤੱਕ ਪਿੰਡ ਬਾਹਮਣੀ ਵਾਲਾ ਵਿਖੇ ਲਗਾਇਆ ਜਾ ਰਿਹਾ ਹੈ। ਜਿਸ 'ਚ ਲੁਧਿਆਣਾ ਤੋਂ ਸ਼ੰਕਰਾ ਆਈ ਕੇਅਰ ਹਸਪਤਾਲ ਦੇ ਮਾਹਿਰ ਡਾਕਟਰ ਮਰੀਜ਼ਾਂ ਦਾ ਚੈੱਕਅੱਪ ਕਰਨਗੇ। ਇਸ ਦੌਰਾਨ ਜੋ ਮਰੀਜ਼ ਆਪ੍ਰੇਸ਼ਨ ਲਈ ਚੁਣੇ ਜਾਣਗੇ, ਉਨ੍ਹਾਂ ਦੇ ਆਪ੍ਰੇਸ਼ਨ, ਆਉਣ-ਜਾਣ, ਰਹਿਣ, ਰੋਟੀ ਆਦਿ ਦਾ ਸਾਰਾ ਖ਼ਰਚ ਸੁਸਾਇਟੀ ਵੱਲੋਂ ਕੀਤਾ ਜਾਵੇਗਾ। ਇਸ ਮੌਕੇ ਉਨ੍ਹਾਂ ਕਿਹਾ ਕਿ ਕੈਂਪ ਬਾਰੇ ਹੋਰ ਲੋੜਵੰਦਾਂ ਨੂੰ ਵੀ ਜਾਗਰੂਕ ਕਰੋ ਤਾਂ ਜੋ ਵੱਧ ਤੋਂ ਵੱਧ ਲੋਕ ਇਸ ਦਾ ਲਾਹਾ ਲੈ ਸਕਣ। ਇਸ ਮੌਕੇ ਉਨ੍ਹਾਂ ਕਿਹਾ ਕਿ ਆਉਣ ਵਾਲੇ ਮਰੀਜ਼ ਆਪਣੇ ਆਧਾਰ ਕਾਰਡ ਦੀ ਫੋਟੋ ਕਾਪੀ ਅਤੇ ਪਰਿਵਾਰ ਦਾ ਫੋਨ ਨੰਬਰ ਜ਼ਰੂਰ ਨਾਲ ਲੈ ਕੇ ਆਉਣ।

## ਸੀ.ਆਈ.ਏ ਸਟਾਫ-1, ਨੇ ਸਰਹੱਦੋਂ ਪਾਰ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਕਾਰਟੇਲ ਦਾ ਪਰਦਾਫਾਸ਼ ਕਰਦੇ ਹੋਏ 02 ਕਿਲੋਂ 124 ਗ੍ਰਾਮ ਹੈਰੋਇੰਨ ਕੀਤੀ ਬ੍ਰਾਮਦ ਕੀਤੀ

**ਚੌਂਕ ਮਹਿਤਾ, 4 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਨਸ਼ਿਆਂ ਵਿਰੁੱਧ ਚੱਲ ਰਹੀ ਜੰਗ ਦੌਰਾਨ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਗਿਰੋਹ ਨੂੰ ਵੱਡਾ ਝਟਕਾ ਦਿੰਦੇ ਹੋਏ ਮਿਤੀ 02-02-2025 ਨੂੰ ਕਮਿਸ਼ਨਰੇਟ ਪੁਲਿਸ ਵੱਲੋਂ 01 ਵਿਅਕਤੀ ਮਨਤੇਜ਼ ਸਿੰਘ ਪੁੱਤਰ ਬਲਵਿੰਦਰ ਸਿੰਘ ਵਾਸੀ ਪਿੰਡ ਬੁਰਜ਼, ਥਾਣਾ ਸਰਾਏ ਅਮਾਨਤ ਖਾਂ, ਜਿਲ੍ਹਾ ਤਰਨ ਤਾਰਨ, ਉਮਰ 27 ਸਾਲ ਨੂੰ 02 ਕਿਲੋਂ 124 ਗ੍ਰਾਮ ਹੈਰੋਇੰਨ ਸਮੇਤ ਗ੍ਰਿਫ਼ਤਾਰ ਕੀਤਾ ਸੀ ਪੁਲਿਸ ਟੀਮ ਵੱਲੋਂ ਗ੍ਰਿਫ਼ਤਾਰ ਦੋਸ਼ੀ ਦੇ ਬੈਕਵਰਡ ਤੇ ਫਾਰਵਰਡ ਲਿੰਕਾਂ ਦੀ ਡੂੰਘਿਆਈ ਜਾਂਚ ਕਰਨ ਤੇ ਡਰੱਗ ਦੇ ਨਜ਼ਾਇਜ਼ ਧੰਦੇ ਦੌਰਾਨ ਵਰਤੀ ਜਾਣ ਵਾਲੀ ਡਰੱਗ ਮਨੀ ਦਾ ਲਿੰਕ ਲੁਧਿਆਣਾ ਦੇ ਇੱਕ ਹੌਜ਼ਰੀ ਵਪਾਰੀ ਨਾਲ ਸਾਹਮਣੇ ਆਇਆ ਹੈ, ਇਸਦੇ ਤਾਰ ਅਫ਼ਗਾਨੀਸਤਾਨ ਵਿੱਚ ਬੈਠੇ ਡਰੱਗ ਸਮੱਗਲਰਾਂ ਨਾਲ ਜੁੜੇ ਹਨ ਤੇ ਇਹ ਹੌਜ਼ਰੀ ਦੇ ਸਮਾਨ ਨੂੰ ਅਫਗਾਨੀਸਤਾਨ ਐਕਪੋਰਟ ਕਰਨ ਦੇ ਈਵਜ਼ ਵਿੱਚ ਪੰਜਾਬ ਤੇ ਦਿੱਲੀ ਦੇ ਵੱਖ-ਵੱਖ ਥਾਵਾਂ ਤੋਂ ਹਵਾਲਾ ਰਾਸ਼ੀ (ਡਰੱਗ ਮਨੀ)ਪ੍ਰਾਪਤ ਕਰਦਾ ਸੀ ਇਸ ਡਰੱਗ ਸਪਲਾਈ ਦੇ ਨੈਟਵਰਕ ਵਿੱਚ ਇੱਕ ਲੁਧਿਆਣਾ ਦਾ ਹੌਜ਼ਰੀ ਵਪਾਰੀ ਗੁਰਚਰਨ ਸਿੰਘ ਉਰਫ਼ ਚੰਨਾ ਪੁੱਤਰ ਦੇਸ਼ ਰਾਜ ਵਾਸੀ ਕਰਮ ਕਲੋਨੀ, ਤਾਜਪੁਰ ਰੋਡ, ਜਿਲ੍ਹਾ ਲੁਧਿਆਣਾ, ਉਮਰ 62 ਸਾਲ ਨੂੰ ਮੁਕੱਦਮਾਂ ਵਿੱਚ ਨਾਮਜ਼ਦ ਕਰਕੇ ਮਿਤੀ 03-02-2024 ਨੂੰ ਬੱਸ ਸਟੈਂਡ,ਥਾਣਾ ਏ-ਡਵੀਜ਼ਨ, ਅੰਮ੍ਰਿਤਸਰ ਦੇ ਖੇਤਰ ਤੋਂ ਕਾਬੂ ਕੀਤਾ ਗਿਆ ਤੇ ਇਸ ਪਾਸੋਂ 15 ਲੱਖ ਰੁਪਏ ਹਵਾਲਾ ਰਾਸ਼ੀ (ਡਰੱਗ ਮਨੀ) ਬ੍ਰਾਮਦ ਕੀਤੀ ਗਈ ਪੁੱਛਗਿੱਛ ਦੌਰਾਨ ਗ੍ਰਿਫ਼ਤਾਰ ਦੋਸ਼ੀ ਗੁਰਚਰਨ ਸਿੰਘ ਉਰਫ਼ ਚੰਨਾ ਨੇ ਖੁਲਾਸਾ ਕੀਤਾ ਕਿ ਉਸਨੇ ਸਾਲ 2021 ਤੋਂ ਇੱਕ ਫਰਮ ਮਿੱਕੀ ਟਰੇਡਰਜ਼ ਕੰਪਨੀ, ਲੁਧਿਆਣਾ ਵਿੱਖੇ ਬਣਾਈ ਹੈ ਤੇ ਇਹ ਲੇਡੀਜ਼ ਹੌਜ਼ਰੀ ਦਾ ਸਮਾਨ ਕਾਬਲ, ਅਫ਼ਗਾਨੀਸਤਾਨ ਵਿੱਖੇ ਐਕਸਪੋਰਟ ਕਰਦਾ ਹੈ। ਜਿਸ ਕਾਰਨ ਇਸਦੇ ਲਿੰਕ ਅਫਗਾਨੀਸਤਾਨ ਬੈਠੇ ਡਰੱਗ ਸਪਲਾਈਰਾਂ ਨਾਲ ਜੁੜ ਗਏ ਸੀ ਤੇ ਉਹਨਾਂ ਦੇ ਕਹਿਣ ਤੇ ਗੁਰਚਰਨ ਸਿੰਘ ਉਰਫ ਚੰਨਾ, ਅੰਮ੍ਰਿਤਸਰ, ਲੁਧਿਆਣਾ ਤੋ ਇਲਾਵਾ ਦਿੱਲੀ ਦੇ ਵੱਖ-ਵੱਖ ਥਾਵਾ ਤੋਂ ਡਰੱਗ ਮਨੀ ਆਪ ਖੁਦ ਹਾਸਲ ਕਰਕੇ ਇਸਦੇ ਈਵਜ਼ ਵਿੱਚ ਅਫਗਾਨੀਸਤਾਨ ਵਿੱਖੇ ਆਪਣੀ ਫਰਮ ਰਾਂਹੀ ਲੇਡੀਜ਼ ਹੌਜ਼ਰੀ ਦਾ ਸਮਾਨ ਭੇਜਦਾ ਸੀ, ਜਿੰਨੀ ਰਕਮ ਦਾ ਸਮਾਨ ਭੇਜਣਾ ਹੁੰਦਾ ਸੀ, ਉਸਦਾ 10% ਰਕਮ ਹੀ ਆਪਣੇ ਅਕਾਂਊਂਟ/ਗੁਗਲ-ਪੇ ਰਾਂਹੀ ਲੈਂਦਾ ਸੀ ਤੇ ਬਾਕੀ 90% ਰਕਮ ਹਵਾਲਾ ਰਾਂਸ਼ੀ (ਪਾਰਸਲਾਂ ਦੇ ਰੂਪ ਵਿੱਚ ਵੀ) ਹਾਸਲ ਕਰਦਾ ਸੀ ਇਹ ਗੱਲ ਵਰਨਯੋਗ ਹੈ ਕਿ ਗ੍ਰਿਫ਼ਤਾਰ ਦੋਸ਼ੀ ਗੁਰਚਰਨ ਸਿੰਘ ਉਰਫ ਚੰਨਾਂ ਪ੍ਰਾਪਤ ਕੀਤੀ ਹਵਾਲਾ ਰਾਸ਼ੀ (ਡਰੱਗ ਮਨੀ) ਰਾਂਹੀ ਹਥਿਆਰਾ ਤੇ ਡਰੱਗ ਦਾ ਨੈਟਵਰਕ ਚਲਾ ਰਹੇ ਮਾੜੇ ਅਨਸਰਾਂ/ਗੈਗਸਟਰਾਂ ਦੀ ਹੈਲਪ ਕਰਦਾ ਸੀ

ਗ੍ਰਿਫ਼ਤਾਰ ਦੋਸ਼ੀ ਗੁਰਚਰਨ ਸਿੰਘ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕਰਕੇ ਇਸ ਪਾਸੋਂ ਬਾਰੀਕੀ ਨਾਲ ਪੁੱਛਗਿੱਛ ਕਰਕੇ ਬੈਕਵਰਡ ਤੇ ਫਾਰਵਰਡ ਲਿੰਕ ਤੇ ਫਨਾਂਸ਼ੀਅਲੀ ਇਨਵੈਸਟੀਗੇਸ਼ ਕਰਕੇ ਇਸਦੇ ਬੈਕ ਅਕਾਂਊਂਟ ਖੰਗਾਲੇ ਵੀ ਜਾਣਗੇ ਜਿਸਤੇ ਮੁਕੱਦਮਾਂ ਨੰਬਰ 24 ਜੁਰਮ ਐਨ.ਡੀ.ਪੀ.ਐਸ ਐਕਟ ਥਾਣਾ ਛੇਹਰਟਾ, ਅੰਮ੍ਰਿਤਸਰ ਵਿੱਖੇ ਦਰਜ਼ ਰਜਿਸਟਰ ਕੀਤਾ ਗਿਆ ਹੈ।



## ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਕੁਮਾਰ ਸਿੰਗਲਾ ਵੱਲੋਂ ਝਨੇੜੀ ਗਊਸ਼ਾਲਾ ਦਾ ਦੌਰਾ

### ਬੇਸਹਾਰਾ ਪਸ਼ੂਧਨ ਦੀ ਢੁਕਵੀਂ ਸਾਂਭ ਸੰਭਾਲ ਲਈ ਹਦਾਇਤਾਂ ਜਾਰੀ



**ਭਵਾਨੀਗੜ੍ਹ/ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਕੁਮਾਰ ਸਿੰਗਲਾ ਵੱਲੋਂ ਅੱਜ ਅਧਿਕਾਰੀਆਂ ਸਮੇਤ ਭਵਾਨੀਗੜ੍ਹ ਨੇੜਲੇ ਪਿੰਡ ਝਨੇੜੀ ਵਿਖੇ ਬਣੀ ਸਰਕਾਰੀ ਗਊਸ਼ਾਲਾ ਵਿਖੇ ਪਸ਼ੂ ਧਨ ਲਈ ਉਪਲਬਧ ਸਹੂਲਤਾਂ ਦਾ ਅਚਨਚੇਤ ਨਿਰੀਖਣ ਕੀਤਾ ਗਿਆ। ਉਹਨਾਂ ਕਿਹਾ ਕਿ ਬੇਸਹਾਰਾ ਪਸ਼ੂਧਨ ਨੂੰ ਸੜਕਾਂ ਉੱਤੇ ਰੁਲਣ ਤੋਂ ਬਚਾਉਣ ਅਤੇ ਢੁਕਵੀਂ ਸਾਂਭ ਸੰਭਾਲ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ ਅਤੇ ਇਸ ਉਦੇਸ਼ ਹਿਤ ਇਸ ਗਊਸ਼ਾਲਾ ਵਿੱਚ ਪਸ਼ੂ ਧਨ ਲਈ ਹਰ ਲੋੜੀਂਦੀ ਸੁਵਿਧਾ ਉਪਲਬਧ ਕਰਵਾਉਣੀ ਲਾਜ਼ਮੀ ਹੈ। ਉਹਨਾਂ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪਸ਼ੂ ਧਨ ਲਈ ਸ਼ੈਡਾਂ ਦੇ ਨਿਰਮਾਣ ਦੀ ਪ੍ਰਕਿਰਿਆ ਵਿੱਚ ਤੇਜ਼ੀ ਲਿਆਂਦੀ ਜਾਵੇ। ਉਹਨਾਂ ਨੇ ਕਿਹਾ ਕਿ ਗਰਮੀ ਦੀ ਰੁੱਤ ਦੌਰਾਨ ਪਸ਼ੂ ਧਨ ਦੀਆਂ ਜਰੂਰਤਾਂ ਦੇ ਮੱਦੇਨਜ਼ਰ ਢੁਕਵੇਂ ਪ੍ਰਬੰਧ ਕਰਨੇ ਸਮੇਂ ਸਿਰ ਯਕੀਨੀ ਬਣਾਏ ਜਾਣ ਅਤੇ ਭਵਿੱਖ ਵਿੱਚ ਹੋਰ ਬੇਸਹਾਰਾ ਪਸ਼ੂਆਂ ਨੂੰ ਇਸ ਗਊਸ਼ਾਲਾ ਵਿੱਚ ਤਬਦੀਲ ਕਰਨ ਦੀਆਂ ਸੰਭਾਵਨਾਵਾਂ ਮੌਜੂਦ ਹਨ। ਇਸ ਮੌਕੇ ਐਸ.ਡੀ.ਐਮ. ਭਵਾਨੀਗੜ੍ਹ ਮਨਜੀਤ ਕੌਰ, ਡੀਐਸਪੀ ਡੀ.ਐਸ ਵਿਰਕ, ਬਲਾਕ ਵਿਕਾਸ ਤੇ ਪੰਚਾਇਤ ਅਫਸਰ ਲੈਨਿਨ ਗਰਗ, ਸਹਾਇਕ ਨਿਰਦੇਸ਼ਕ ਪਸ਼ੂ ਪਾਲਣ ਡਾ. ਜਸਕਰਨ ਸਿੰਘ, ਡਿਪਟੀ ਡਾਇਰੈਕਟਰ ਪਸ਼ੂ ਪਾਲਣ ਡਾ. ਸੁਖਵਿੰਦਰ ਸਿੰਘ, ਡਾ. ਗਗਨ ਬਜਾਜ, ਡਾ. ਗਗਨਪ੍ਰੀਤ ਸਮੇਤ ਹੋਰ ਅਧਿਕਾਰੀ ਵੀ ਹਾਜ਼ਰ ਸਨ।

## ਵਰਡ ਵੈਟਲੈਂਡਸ ਡੇ ਮਨਾਇਆ

**ਚੋਹਲਾ ਸਾਹਿਬ, 4 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਪ੍ਰਸਿੱਧ ਵਗਦੇ ਪਾਣੀ ਦੇ ਦਰਿਆ ਬਿਆਸ ਕਿਨਾਰੇ ਵੱਸੇ ਇਥੋਂ ਨੇੜਲੇ ਪਿੰਡ ਕਰਮੂਵਾਲਾ ਦੇ ਪੱਤਣ ਤੇ ਵੈਟਲੈਡਸ ਫਾਊਂਡਰੇਸਨ ਦੇ ਸੀਨੀਅਰ ਕੁਆਡੀਨੇਟਰ ਮੈਡਮ ਗੀਤਾਂਜਲੀ ਕੰਵਰ ਜੀ ਦੀ ਅਗਵਾਈ ਹੇਠ ਉਹਨਾਂ ਦੇ ਟੀਮ ਮੈਂਬਰਾ ਤਰਸੇਮ ਸਿੰਘ,ਸਰਬਜੀਤ ਕੌਰ ਨੇ ਡਾਲਫਿਨ ਮਿੱਤਰਾਂ ਤੋਂ ਪਿੰਡ ਕਰਮੂਵਾਲਾ ਦੇ ਪਤਵੰਤਿਆਂ ਤੇ ਗ੍ਰਾਮ ਪੰਚਾਇਤ ਨਾਲ ਮਿਲ ਕੇ ਵਰਡ ਵੈਟਲੈਡਸ ਡੇ ਮਨਾਇਆ ਮੈਡਮ ਸਰਬਜੀਤ ਕੌਰ ਨੇ ਜਲਗਾਹਾਂ ਨੂੰ ਬਚਾਉਣ ਲਈ ਪਿੰਡ ਵਾਸੀਆਂ ਨੂੰ ਜਾਗਰੂਕ ਕੀਤਾ। ਤਰਸੇਮ ਸਿੰਘ ਨੇ ਬਿਆਸ ਦਰਿਆ ਵਿੱਚ ਪਾਈ ਜਾਣ ਵਾਲੀ ਦੁਰਲੱਭ ਪ੍ਰਜਾਤੀ ਘੜਿਆਲ ਤੇ ਇੰਡਸ ਰੀਵਰ ਡਾਲਫਿਨ ਦੇ ਦਰਿਆ ਬਿਆਸ ਤੇ ਦਰਿਆ ਸਤਲੁੱਜ ਬਾਰੇ ਵਿਸਥਾਰ ਪੂਰਵ ਜਾਣਕਾਰੀ ਦੇ ਕੇ ਜਾਗਰਿਤ ਕੀਤਾ। ਇਸ ਮੌਕੇ ਪਿੰਡ ਦੇ ਸਰਪੰਚ ਦਿਲਬਾਗ ਸਿੰਘ ਕਰਮੂਵਾਲਾ,ਸਤਨਾਮ ਸਿੰਘ ਟੋਨੀ,ਬਲਵੰਤ ਸਿੰਘ,ਬੇਅੰਤ ਸਿੰਘ ਆਦਿ ਗ੍ਰਾਮ ਪੰਚਾਇਤ ਕਰਮੂਵਾਲਾ ਨੇ ਆਈ ਟੀਮ ਦਾ ਸਵਾਗਤ ਕੀਤਾ ਤੇ ਉਨਾਂ ਨੂੰ ਵਿਸ਼ਵਾਸ ਦਿੱਤਾ ਕਿ ਅਸੀਂ ਆਪਣੇ ਪਿੰਡਾ ਤੇ ਹੋਰ ਨਾਲਦੇ ਪਿੰਡਾਂ ਚੋਂ ਵਗਦੇ ਦਰਿਆਈ ਪਾਣੀ ਚੋਂ ਡਾਲਫੀਨ ਤੇ ਘੜਿਆਲ ਪ੍ਰਜਾਤੀਆਂ ਦੀ ਸੁਰੱਖਿਆ ਕਰਨਗੇ।